


ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ

ਐਤਵਾਰ,09 ਮਾਰਚ 2025
Email:- lokbani08@gmail.com




R. N. I. Punpun/29016/2008 ✶ ਸਾਲ 16 , ✶ ਅੰਕ : 262 ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181–2211009 ✶ M : 99155-94111




## ਜਦੋਂ ਬਿੱਗ ਬੈਂਨ ’ਤੇ ਚੜ੍ਹੇ ਵਿਅਕਤੀ ਨੇ ਵਖ਼ਤ ਪਾਇਆ

ਲੰਡਨ, ਲੋਕ ਬਾਣੀ- ਇੱਥੋਂ ਦੇ ਵੈਸਟਮਿੰਸਟਰ ਪੈਲੇਸ ਵਿੱਚ ਅੱਜ ਉਸ ਵੇਲੇ ਹੰਗਾਮੀ ਹਾਲਾਤ ਪੈਦਾ ਹੋ ਗਏ ਜਦੋਂ ਇੱਕ ਵਿਅਕਤੀ ਫਲਸਤੀਨੀ ਝੰਡਾ ਫੜ ਕੇ ਬਿਗ ਬੈੱਨ ਟਾਵਰ ’ਤੇ ਚੜ੍ਹ ਗਿਆ। ਇਸ ਸਬੰਧੀ ਕਈ ਫੋਟੋਆਂ ਵਾਇਰਲ ਹੋਈਆਂ ਹਨ ਜਿਨ੍ਹਾਂ ਵਿਚ ਨੰਗੇ ਪੈਰ ਵਾਲਾ ਇਕ ਵਿਅਕਤੀ ਬਿੱਗ ਬੈੱਨ ਦੇ ਇਕ ਕਿਨਾਰੇ ’ਤੇ ਖੜ੍ਹਾ ਦੇਖਿਆ ਗਿਆ।ਇਸ ਤੋਂ ਬਾਅਦ ਪੁਲੀਸ ਨੇ ਵੈਸਟਮਿੰਸਟਰ ਬ੍ਰਿਜ ਅਤੇ ਨੇੜਲੇ ਪੁਲ ਨੂੰ



ਆਵਾਜਾਈ ਲਈ ਬੰਦ ਕਰ ਦਿੱਤਾ ਤੇ ਕਈ ਐਮਰਜੈਂਸੀ ਸੇਵਾਵਾਂ ਦੇ ਵਾਹਨ ਘਟਨਾ ਸਥਾਨ ’ਤੇ ਪੁੱਜ ਗਏ।

## ਮੈਤੇਈ ਸੰਗਠਨ ਦੇ ‘ਸ਼ਾਂਤੀ ਮਾਰਚ’ ਕਾਰਨ ਕਾਂਗਪੋਕਪੀ ਜ਼ਿਲ੍ਹੇ ’ਚ ਮੁੜ ਤਣਾਅ; ਇਕ ਦੀ ਮੌਤ; 25 ਜ਼ਖ਼ਮੀ

ਇੰਫਾਲ, ਲੋਕ ਬਾਣੀ --ਨਸਲੀ ਹਿੰਸਾ ਦਾ ਸ਼ਿਕਾਰ ਸੂਬੇ ਮਨੀਪੁਰ ਦੇ ਕਾਂਗਪੋਕਪੀ ਜ਼ਿਲ੍ਹੇ ਵਿੱਚ ਸ਼ਨਿੱਚਰਵਾਰ ਨੂੰ ਸੱਜਰੀ ਗੜਬੜ ਦੇਖਣ ਨੂੰ ਮਿਲੀ ਜਦੋਂ ਸੁਰੱਖਿਆ ਬਲਾਂ ਨੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ 8 ਮਾਰਚ ਤੋਂ ਸੂਬੇ ਭਰ ਵਿੱਚ ਆਜ਼ਾਦਾਨਾ ਆਵਾਜਾਈ ਯਕੀਨੀ ਬਣਾਏ ਜਾਣ ਦੀਆਂ ਜਾਰੀ ਹਦਾਇਤਾਂ ਅਤੇ ਇੱਕ ਮੈਤੇਈ ਸੰਗਠਨ ਵੱਲੋਂ ਕੀਤੇ ਜਾ ਰਹੇ ‘ਸ਼ਾਂਤੀ ਮਾਰਚ’ ਦਾ ਵਿਰੋਧ ਕਰਨ ਵਾਲੇ ਮੁਜ਼ਾਹਰਾਕਾਰੀਆਂ ਨੂੰ ਖਿੰਡਾਉਣ ਲਈ ਅੱਥਰੂ ਗੈਸ ਦੇ ਗੋਲੇ ਦਾਗ਼ੇ। ਇਸ ਦੌਰਾਨ ਪੁਲੀਸ ਤੇ ਪ੍ਰਦਰਸ਼ਨਕਾਰੀਆਂ ਦੀ ਝੜਪ ਦੌਰਾਨ ਇਕ ਜਣੇ ਦੀ ਮੌਤ ਹੋ ਗਈ ਤੇ 25




ਜ਼ਖ਼ਮੀ ਹੋ ਗਏ। ਇਸ ਮੌਕੇ ਪ੍ਰਦਰਸ਼ਨਕਾਰੀਆਂ ਨੇ ਆਵਾਜਾਈ ਰੋਕਣ ਲਈ ਸੜਕਾਂ ’ਤੇ ਪੱਥਰ ਵਿਛਾ ਦਿੱਤੇ ਤੇ ਦਰੱਖਤ ਸੜਕਾਂ ’ਤੇ ਸੁੱਟ ਦਿੱਤੇ।

## ਪੰਜਾਬ ਦੇ 13 ਕਸਬਿਆਂ ’ਚ 2,000 ਕਰੋੜ ਦੀ ਸਰਕਾਰੀ ਜ਼ਮੀਨ ਹੋਵੇਗੀ ਨਿਲਾਮ

ਚੰਡੀਗੜ੍ਹ, ਲੋਕ ਬਾਣੀ-ਪੰਜਾਬ ਸਰਕਾਰ 13 ਕਸਬਿਆਂ ਵਿੱਚ 2,000 ਕਰੋੜ ਰੁਪਏ ਦੀ ਜ਼ਮੀਨ ਅਤੇ ਜਾਇਦਾਦਾਂ ਨਿਲਾਮੀ ਲਈ ਰੱਖ ਰਹੀ ਹੈ।


ਇਸ ਤਹਿਤ ਮੁਹਾਲੀ, ਨਿਊ ਚੰਡੀਗੜ੍ਹ, ਲੁਧਿਆਣਾ, ਜਲੰਧਰ, ਅੰਮ੍ਰਿਤਸਰ ਅਤੇ ਪਟਿਆਲਾ ਸਮੇਤ 13 ਕਸਬਿਆਂ ਵਿੱਚ 2,000 ਕਰੋੜ ਰੁਪਏ ਦੀਆਂ ਰਿਹਾਇਸ਼ੀ, ਵਪਾਰਕ



ਅਤੇ ਸੰਸਥਾਗਤ ਥਾਵਾਂ ਨਿਲਾਮੀ ਲਈ ਉਪਲਬਧ ਹੋਣਗੀਆਂ।

## ਨੇਪਾਲ ਵਿੱਚ 5 .9 ਤੀਬਰਤਾ ਵਾਲਾ ਭੂਚਾਲ; ਕੋਈ ਜਾਨੀ ਨੁਕਸਾਨ ਨਹੀਂ

ਕਾਠਮੰਡੂ, ਲੋਕ ਬਾਣੀ-ਨੇਪਾਲ ਵਿੱਚ ਅੱਜ ਤਿੰਨ ਭੂਚਾਲ ਆਏ। ਇਨ੍ਹਾਂ ਵਿਚੋਂ ਇੱਕ ਤਿੱਬਤ ਦੀ ਸਰਹੱਦ ਨਾਲ ਲੱਗਦੇ ਪੂਰਬੀ ਨੇਪਾਲ ਦੇ ਖੇਤਰਾਂ ਵਿੱਚ ਦੁਪਹਿਰ ਵੇਲੇ ਆਇਆ ਜਿਸ ਦੀ ਤੀਬਰਤਾ ਰਿਕਟਰ ਸਕੇਲ ’ਤੇ 5.9 ਦਰਜ ਕੀਤੀ ਗਈ ਜਦਕਿ ਪੱਛਮੀ ਨੇਪਾਲ ਵਿੱਚ ਸਵੇਰੇ ਵੇਲੇ ਦੋ ਹਲਕੇ ਤੀਬਰਤਾ ਵਾਲੇ ਭੂਚਾਲ ਆਏ। ਅਧਿਕਾਰੀਆਂ ਨੇ ਦੱਸਿਆ ਕਿ ਭੂਚਾਲ ਪ੍ਰਭਾਵਿਤ ਖੇਤਰਾਂ ਵਿੱਚੋਂ ਕਿਸੇ ਵੀ ਤਰ੍ਹਾਂ ਦੇ ਜਾਨੀ ਜਾਂ ਮਾਲੀ ਨੁਕਸਾਨ ਦੀ ਤੁਰੰਤ ਕੋਈ ਖਬਰ ਨਹੀਂ ਹੈ।



ਕੌਮੀ ਭੂਚਾਲ ਨਿਗਰਾਨੀ ਅਤੇ ਖੋਜ ਕੇਂਦਰ (ਐਨਈਐਮਆਰਸੀ) ਅਨੁਸਾਰ ਸਥਾਨਕ ਸਮੇਂ ਅਨੁਸਾਰ ਦੁਪਹਿਰ 2.35 ਵਜੇ 5.9 ਤੀਬਰਤਾ ਦਾ ਭੂਚਾਲ ਦਰਜ ਕੀਤਾ ਗਿਆ

## ਨਾਜਾਇਜ਼ ਅਸਲੇ ਸਣੇ ਤਿੰਨ ਗ੍ਰਿਫ਼ਤਾਰ

ਜਲੰਧਰ, ਲੋਕ ਬਾਣੀ ਕਾਊਂਟਰ ਇੰਟੈਲੀਜੈਂਸ ਜਲੰਧਰ ਦੀ ਟੀਮ ਨੇ ਬੱਬਰ ਖਾਲਸਾ ਇੰਟਰਨੈਸ਼ਨਲ (ਬੀਕੇਆਈ) ਦੇ ਹਮਾਇਤੀ ਅਤਿਵਾਦੀ ਮਾਡਿਊਲ ਦੇ ਤਿੰਨ ਕਾਰਕੁਨਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਡੀਜੀਪੀ ਪੰਜਾਬ ਗੌਰਵ ਯਾਦਵ ਨੇ ਦੱਸਿਆ ਕਿ ਮੁਲਜ਼ਮਾਂ ਦੀ ਪਛਾਣ ਜਗਰੂਪ ਸਿੰਘ ਨੌਸ਼ਹਿਰਾ ਕਲਾਂ, ਸੁਖਜੀਤ ਸਿੰਘ ਪਿੰਡ ਮਿਰਜ਼ਾਪੁਰ ਅਤੇ



ਨਵਪ੍ਰੀਤ ਸਿੰਘ ਉਰਫ਼ ਨਵ ਪਿੰਡ ਫਤਿਹਾਬਾਦ ਵਜੋਂ ਹੋਈ ਹੈ। ਪੁਲੀਸ ਨੇ ਮੁਲਜ਼ਮਾਂ ਦੇ ਕਬਜ਼ੇ ’ਚੋਂ 4 ਪਿਸਤੌਲ, ਚਾਰ ਮੈਗਜ਼ੀਨ ਅਤੇ 22 ਕਾਰਤੂਸ ਬਰਾਮਦ ਕੀਤੇ ਹਨ।

## ਸਰਕਾਰੀ ਕਾਲਜ ’ਚ ਲੈਕਚਰਾਰ ਵੱਲੋਂ ਵਿਦਿਆਰਥਣ ਨਾਲ ਜਬਰ-ਜਨਾਹ

ਡੱਬਵਾਲੀ, ਲੋਕ ਬਾਣੀ-ਪਿੰਡ ਡੱਬਵਾਲੀ ਵਿੱਚ ਸਥਿਤ ਡਾ. ਬੀਆਰ ਅੰਬੇਡਕਰ ਸਰਕਾਰੀ ਕਾਲਜ ’ਚ ਲੈਕਚਰਾਰ ਵੱਲੋਂ ਵਿਦਿਆਰਥਣ ਨਾਲ ਕਥਿਤ ਜਬਰ-ਜਨਾਹ ਕੀਤਾ ਗਿਆ। ਵਿਦਿਆਰਥਣ ਦੀ ਸ਼ਿਕਾਇਤ ’ਤੇ ਮਹਿਲਾ ਥਾਣੇ ਨੇ ਲੈਕਚਰਾਰ ਗੁਰਮੇਲ ਸਿੰਘ (35) ਖ਼ਿਲਾਫ਼ ਕੇਸ ਦਰਜ ਕੀਤਾ ਹੈ। ਇਸ ਦੌਰਾਨ ਪੁਲੀਸ ਨੇ ਨਾਮਜ਼ਦ ਲੈਕਚਰਾਰ ਦੀ ਗ੍ਰਿਫ਼ਤਾਰੀ ਲਈ



ਕਾਲਜ ਕੈਂਪਸ ’ਚ ਛਾਪਾ ਮਾਰਿਆ ਤੇ ਪੀੜਤਾ ਦਾ ਡਾਕਟਰੀ ਮੁਆਇਨਾ ਕਰਵਾਇਆ।

## ਪੰਜ ਮੁਲਜ਼ਮ ਗ੍ਰਿਫ਼ਤਾਰ, ਨਸ਼ੀਲੇ ਪਦਾਰਥ ਬਰਾਮਦ

ਜਲੰਧਰ, ਲੋਕ ਬਾਣੀ- ਦਿਹਾਤੀ ਪੁਲੀਸ ਨੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਨਾਲ ਨਜਿੱਠਣ ਦੇ ਆਪਣੇ ਯਤਨਾਂ ਵਿੱਚ ਮਹੱਤਵਪੂਰਨ ਪ੍ਰਗਤੀ ਕਰਦਿਆਂ ਪੰਜ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ ਅਤੇ 214 ਨਸ਼ੀਲੀਆਂ ਗੋਲੀਆਂ ਅਤੇ 3 ਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ। ਇਹ ਕਾਰਵਾਈ ‘ਯੁੱਧ ਨਸ਼ਿਆਂ ਵਿਰੋਧੀ’ ਮੁਹਿੰਮ ਦਾ ਹਿੱਸਾ ਹੈ, ਜੋ ਜ਼ਿਲ੍ਹੇ ਵਿੱਚ ਨਸ਼ੀਲੇ ਪਦਾਰਥਾਂ ਦੀ ਤਸਕਰੀ ਅਤੇ ਖਪਤ ਨੂੰ ਖਤਮ ਕਰਨ ਦੇ ਉਦੇਸ਼ ਨਾਲ ਇੱਕ ਵਿਸ਼ੇਸ਼ ਪਹਿਲ ਹੈ। ਸੀਨੀਅਰ ਪੁਲੀਸ ਕਪਤਾਨ ਜਲੰਧਰ ਦਿਹਾਤੀ ਗੁਰਮੀਤ ਸਿੰਘ ਨੇ ਮੀਡੀਆ ਨੂੰ



ਦੱਸਿਆ ਕਿ 24 ਘੰਟਿਆਂ ਦੇ ਅੰਦਰ ਐੱਨਡੀਪੀਐੱਸ ਐਕਟ ਤਹਿਤ ਚਾਰ ਮਾਮਲੇ ਦਰਜ ਕਰ ਕੇ 5 ਕਥਿਤ ਦੋਸ਼ੀ ਗ੍ਰਿਫ਼ਤਾਰ ਕੀਤੇ ਹਨ, ਜਿਨ੍ਹਾਂ ਦੀ ਪਛਾਣ ਪਵਨ ਕੁਮਾਰ, ਕੁਲਦੀਪ ਰਾਮ, ਪਰਵੀਨ ਕੁਮਾਰ, ਹਰਜਿੰਦਰ ਕੁਮਾਰ ਅਤੇ ਸੰਨੀ ਵਜੋਂ ਹੋਈ ਹੈ।

## ਪਿੰਡ ਅਲੀ ਕੇ ’ਚ ਨੌਜਵਾਨ ਦੀ ਗੋਲੀ ਮਾਰ ਕੇ ਹੱਤਿਆ

ਫ਼ਿਰੋਜ਼ਪੁਰ, ਲੋਕ ਬਾਣੀ- ਥਾਣਾ ਸਦਰ ਅਧੀਨ ਪਿੰਡ ਅਲੀ ਕੇ ’ਚ ਲੰਘੀ ਰਾਤ ਨੌਜਵਾਨ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ। ਮ੍ਰਿਤਕ ਦੀ ਪਛਾਣ ਯੋਥਮ ਵਜੋਂ ਹੋਈ ਹੈ। ਵਾਰਦਾਤ ਨੂੰ ਅੰਜਾਮ ਦੇਣ ਵਾਲੇ ਨੌਜਵਾਨਾਂ ਨੇ ਯੋਥਮ ਕੋਲੋਂ ਉਸ ਦੇ ਰਿਸ਼ਤੇਦਾਰ ਦੀ ਆਈਡੀ ਮੰਗੀ ਸੀ, ਜੋ ਉਸ ਨੇ ਦੇਣ ਤੋਂ ਇਨਕਾਰ ਕਰ ਦਿੱਤਾ ਸੀ। ਪੁਲੀਸ ਨੇ ਇਸ ਮਾਮਲੇ ’ਚ ਯੋਥਮ ਦੇ ਪਿਤਾ ਪ੍ਰੇਮ ਦੀ ਸ਼ਿਕਾਇਤ ’ਤੇ ਪੰਜ ਮੁਲਜ਼ਮਾਂ ਮਨੀ ਬਾਬਾ ਤੇ ਉਸ ਦੇ



ਨਾਮਲੂਮ ਭਰਾ, ਕੇਵਲ, ਮਿੱਟੂ ਤੇ ਕੀਤੂ ਖ਼ਿਲਾਫ਼ ਕਤਲ ਦਾ ਕੇਸ ਦਰਜ ਕੀਤਾ ਹੈ। ਸਾਰੇ ਫ਼ਰਾਰ ਮੁਲਜ਼ਮ ਪਿੰਡ ਅਲੀ ਕੇ ਦੇ ਵਸਨੀਕ ਹਨ।




ਪੰਜਾਬ ਦੇ ਹਰ ਜ਼ਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ
ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫ਼ਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ਜ਼ਿਲ੍ਹਾ ਪ੍ਰਸ਼ਾਸਨ ਮੋਗਾ ਨੇ ਜ਼ਿਲ੍ਹੇ ਭਰ ਦੇ 100 ਆਂਗਣਵਾੜੀ ਕੇਂਦਰਾਂ ਵਿੱਚ ਪੋਸ਼ਣ ਵਾਟਿਕਾ ਸਥਾਪਤ ਕਰਨ ਲਈ ਪਹਿਲਕਦਮੀ ਸ਼ੁਰੂ ਕੀਤੀ

ਮੋਗਾ,(ਲੋਕ ਬਾਣੀ) - ਸਿਹਤਮੰਦ ਖਾਣ-ਪੀਣ ਦੀਆਂ ਆਦਤਾਂ ਨੂੰ ਉਤਸ਼ਾਹਿਤ ਕਰਨ ਅਤੇ ਬੱਚਿਆਂ ਦੀ ਪੋਸ਼ਣ ਸਥਿਤੀ ਨੂੰ ਬਿਹਤਰ ਬਣਾਉਣ ਲਈ, ਜ਼ਿਲ੍ਹਾ ਪ੍ਰਸ਼ਾਸਨ ਮੋਗਾ ਨੇ ਜ਼ਿਲ੍ਹੇ ਭਰ ਦੇ 100 ਆਂਗਣਵਾੜੀ ਕੇਂਦਰਾਂ ਵਿੱਚ ਪੋਸ਼ਣ ਵਾਟਿਕਾ (ਪੋਸ਼ਣ ਬਾਗ) ਸਥਾਪਤ ਕਰਨ ਲਈ ਇੱਕ ਵਿਲੱਖਣ ਪਹਿਲਕਦਮੀ ਸ਼ੁਰੂ ਕੀਤੀ ਹੈ। ਇਹ ਪਹਿਲ ਸਰਕਾਰ ਅਤੇ ਨੀਤੀ ਆਯੋਗ ਦੀ ਅਗਵਾਈ ਹੇਠ ਕੀਤੀ ਜਾ ਰਹੀ ਹੈ।

ਇਹ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਸ੍ਰੀ ਸਾਗਰ ਸੇਤੀਆ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਨੇ 983 ਆਂਗਣਵਾੜੀ ਕੇਂਦਰਾਂ ਵਿੱਚੋਂ 100 ਪੋਸ਼ਣ ਵਾਟਿਕਾ ਸਥਾਪਤ ਕਰਨ ਦਾ ਫੈਸਲਾ ਕੀਤਾ ਹੈ। ਇੱਕ ਵਾਰ ਜਦੋਂ ਇਹ ਪਾਇਲਟ ਪ੍ਰੋਜੈਕਟ ਨਤੀਜੇ ਦੇ ਦੇਵੇਗਾ ਤਾਂ ਇਸਨੂੰ ਸਾਰੇ ਆਂਗਣਵਾੜੀ ਕੇਂਦਰਾਂ ਵਿੱਚ ਲਾਗੂ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਭਾਵੇਂ ਜ਼ਿਲ੍ਹਾ ਪ੍ਰਸ਼ਾਸਨ ਨੇ ਇਹ ਪ੍ਰੋਜੈਕਟ ਸਕਸ਼ਮ ਆਂਗਨਵਾੜੀ ਪ੍ਰੋਗਰਾਮ ਦੇ ਤਹਿਤ ਸ਼ੁਰੂ ਕੀਤਾ ਸੀ ਪਰ ਹੁਣ ਸਰਕਾਰ ਨੇ ਇਸ ਪ੍ਰੋਜੈਕਟ ਦਾ ਸਮਰਥਨ ਕਰਨ ਅਤੇ ਪੂਰੇ ਦੇਸ਼ ਵਿੱਚ ਸ਼ੁਰੂ ਕਰਨ ਦਾ ਫੈਸਲਾ ਕੀਤਾ ਹੈ।

ਪ੍ਰਤੀ 1000 ਵਰਗ ਫੁੱਟ ਵਿੱਚ ਫੈਲੇ ਇਨ੍ਹਾਂ ਬਾਗਾਂ ਦੀ ਵਰਤੋਂ ਕਈ ਤਰ੍ਹਾਂ ਦੇ ਫਲ, ਸਬਜ਼ੀਆਂ ਅਤੇ ਔਸ਼ਧੀ ਪੌਦੇ ਉਗਾਉਣ ਲਈ ਕੀਤੀ ਜਾਵੇਗੀ। ਇਸ ਪਹਿਲਕਦਮੀ ਦਾ ਮੁੱਖ ਉਦੇਸ਼ ਆਂਗਨਵਾੜੀ ਕੇਂਦਰਾਂ ਵਿੱਚ ਜਾਣ ਵਾਲੇ ਬੱਚਿਆਂ ਦੀ ਸਿਹਤ ਅਤੇ ਤੰਦਰੁਸਤੀ ਵਿੱਚ ਸੁਧਾਰ ਕਰਨਾ ਹੈ।

ਜਿਸ ਵਿਚ ਪਲਾਟ ਦਾ ਏਰੀਆ 1000 ਸਕੇਅਰ ਫੁੱਟ ਅਤੇ ਬੈਡ ਦਾ ਸਾਈਜ 10ਗੁਣਾ10 ਸਕੇਅਰ ਫੁਟ ਹੋਵੇਗਾ ਇਸ ਵਿੱਚ ਹਰੀਆਂ ਸਬਜ਼ੀਆਂ, ਪਾਲਕ, ਮੇਥੀ, ਚੋਲਾਈ, ਸ਼ਤਾਵਰੀ, ਬ੍ਰਹਮੀ, ਪੁਨਰਨਵਾ, ਬਾਥੂ ਅਤੇ ਰਤਾਲੂ ਲਗਾਏ ਜਾਣਗੇ। ਮੈਡੀਸਿਨਲ ਅਤੇ ਫ਼ਲਾਂ ਵਾਲੇ ਰੁੱਖਾਂ (5-6) ਵਿੱਚ ਸੁਹੰਜਣਾ, ਪਪੀਤਾ, ਕੜੀਪੱਤਾ, ਨਿੰਬੂ, ਆਮਲਾ, ਅਨਾਰ ਹੋਣਗੇ। ਵਾੜ ਵਜੋਂ ਸ਼ਤਾਵਰੀ,



ਨਿੰਬੂ ਘਾਹ, ਗਿਲੋਅ ਲਗਾਏ ਜਾਣਗੇ। ਇਸ ਪਹਿਲਕਦਮੀ ਦਾ ਜ਼ਿਲ੍ਹੇ ਦੇ ਬੱਚਿਆਂ ਦੀ ਸਿਹਤ ਅਤੇ ਪੋਸ਼ਣ ਸਥਿਤੀ ਤੇ ਸਕਾਰਾਤਮਕ ਪ੍ਰਭਾਵ ਪੈਣ ਦੀ ਉਮੀਦ ਹੈ।

ਡੀਸੀ ਸਾਗਰ ਸੇਤੀਆ ਨੇ ਕਿਹਾ ਕਿ ਪੋਸ਼ਣ ਵਾਟਿਕਾਵਾਂ ਆਂਗਣਵਾੜੀ ਕੇਂਦਰਾਂ ਵਿੱਚ ਜਾਣ ਵਾਲੇ ਬੱਚਿਆਂ ਨੂੰ ਤਾਜ਼ੇ ਫਲਾਂ ਅਤੇ ਸਬਜ਼ੀਆਂ ਦਾ ਇੱਕ ਸਥਾਈ ਸਰੋਤ ਪ੍ਰਦਾਨ ਕਰਨਗੀਆਂ। ਇਹ ਪਹਿਲਕਦਮੀ ਸਾਡੇ ਬੱਚਿਆਂ ਦੇ ਸਮੁੱਚੇ ਵਿਕਾਸ ਅਤੇ ਤੰਦਰੁਸਤੀ ਨੂੰ ਯਕੀਨੀ ਬਣਾਉਣ ਵੱਲ ਇੱਕ ਕਦਮ ਹੈ। ਜ਼ਿਲ੍ਹਾ ਪ੍ਰਸ਼ਾਸਨ ਮੋਗਾ ਨੇ ਇਸ ਪ੍ਰੋਜੈਕਟ ਨੂੰ ਲਾਗੂ ਕਰਨ ਲਈ ਮਹਿਲਾ ਅਤੇ ਬਾਲ ਵਿਕਾਸ ਵਿਭਾਗ, ਪੇਂਡੂ ਵਿਕਾਸ ਵਿਭਾਗ ਅਤੇ ਬਾਗਬਾਨੀ ਵਿਭਾਗ ਸਮੇਤ ਵੱਖ-ਵੱਖ ਵਿਭਾਗਾਂ ਨੂੰ ਆਪਸੀ ਸਹਿਯੋਗ ਅਤੇ ਮਿਲਵਰਤਣ ਵਧਾਉਣ ਲਈ ਕਿਹਾ ਹੈ।

# ਸੇਵਾਮੁਕਤ ਅਧਿਕਾਰੀਆਂ ਦੇ ਘਰਾਂ 'ਤੇ ਦਿੱਤੀ ਜਾ ਰਹੀ ਨਿੱਜੀ ਸੁਰੱਖਿਆ ਦੀ ਹਾਈ ਕੋਰਟ ਨੇ ਮੰਗੀ ਜਾਣਕਾਰੀ, ਅਗਲੀ ਸੁਣਵਾਈ 24




(ਲੋਕ ਬਾਣੀ) ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਹਰਿਆਣਾ ਸਰਕਾਰ ਨੂੰ ਸੇਵਾਮੁਕਤ ਪੁਲਿਸ ਅਧਿਕਾਰੀਆਂ ਅਤੇ ਨੌਕਰਸ਼ਾਹਾਂ ਦੇ ਘਰਾਂ ਤੇ ਦਿੱਤੀ ਜਾ ਰਹੀ ਨਿੱਜੀ ਸੁਰੱਖਿਆ ਦੀ ਜਾਣਕਾਰੀ ਦੇਣ ਲਈ ਕਿਹਾ ਹੈ। ਜਸਟਿਸ ਸ਼ੀਲ ਨਾਗੂ ਅਤੇ ਜਸਟਿਸ ਸੁਮਿਤ ਗੋਇਲ ਦੀ ਬੈਂਚ ਨੇ ਇਹ ਹੁਕਮ ਨਿਖਿਲ ਸਰਾਫ ਦੁਆਰਾ ਦਾਇਰ ਜਨਹਿਤ ਪਟੀਸ਼ਨ ਤੇ ਸੁਣਵਾਈ ਦੌਰਾਨ ਦਿੱਤਾ। ਹਰਿਆਣਾ ਸਰਕਾਰ ਦੇ ਹਲਫਨਾਮੇ ਵਿੱਚ ਰਾਜਨੀਤਿਕ ਅਧਿਕਾਰੀਆਂ ਦੀ ਸੁਰੱਖਿਆ ਅਤੇ ਉਨ੍ਹਾਂ ਦੇ ਘਰਾਂ ਤੇ ਤੈਨਾਤ ਪੁਲਿਸ ਬਲ ਦੀ ਜਾਣਕਾਰੀ ਦਿੱਤੀ ਗਈ ਸੀ, ਪਰ ਸੇਵਾਮੁਕਤ ਨੌਕਰਸ਼ਾਹਾਂ ਦੇ ਘਰਾਂ ਤੇ ਸੁਰੱਖਿਆ ਦਾ ਵੇਰਵਾ ਨਹੀਂ ਸੀ।

ਪਟੀਸ਼ਨਕਰਤਾ ਨੇ ਆਪਣੀ ਅਰਜ਼ੀ ਵਿੱਚ ਸੀਨੀਅਰ ਅਧਿਕਾਰੀਆਂ ਅਤੇ ਰਾਜਨੀਤਿਕ ਅਧਿਕਾਰੀਆਂ ਦੇ ਘਰਾਂ ਤੇ ਕਾਂਸਟੇਬਲਾਂ ਦੀ ਤੈਨਾਤੀ ਦਾ ਮੁੱਦਾ ਚੁੱਕਿਆ ਸੀ ਅਤੇ ਕਾਨੂੰਨ-ਵਿਵਸਥਾ ਬਣਾਈ ਰੱਖਣ ਲਈ ਜ਼ਰੂਰੀ ਪੁਲਿਸ ਬਲ ਨੂੰ ਮੁਕਤ ਕਰਨ ਦੀ ਮੰਗ ਕੀਤੀ ਸੀ। ਪੰਜਾਬ ਸਰਕਾਰ ਨੇ ਜਵਾਬ ਵਿੱਚ ਦੱਸਿਆ ਕਿ ਸੀਨੀਅਰ ਅਧਿਕਾਰੀਆਂ ਅਤੇ ਰਾਜਨੀਤਿਕ ਅਧਿਕਾਰੀਆਂ ਦੇ ਘਰਾਂ ਤੇ ਕਾਂਸਟੇਬਲਾਂ ਦੀ ਤਾਇਨਾਤੀ ਦੀ ਸਮੀਖਿਆ ਐਡੀਸ਼ਨਲ ਪੁਲਿਸ ਮਹਾਨਿਦੇਸ਼ਕ (ਏਡੀਜੀਪੀ) ਸੁਰੱਖਿਆ ਦੁਆਰਾ ਕੀਤੀ ਜਾਂਦੀ ਹੈ ਅਤੇ ਸੁਰੱਖਿਆ ਦੀ ਲੋੜ ਅਨੁਸਾਰ ਬਲ ਤਾਇਨਾਤ ਕੀਤਾ ਜਾਂਦਾ ਹੈ। ਇਸੇ ਤਰ੍ਹਾਂ, ਹਰਿਆਣਾ ਪੁਲਿਸ ਨੇ ਦੱਸਿਆ ਕਿ 27 ਜਨਵਰੀ 2006 ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸੁਰੱਖਿਆ ਤਾਇਨਾਤੀ ਕੀਤੀ ਜਾਂਦੀ ਹੈ ਅਤੇ ਇਹ ਖਤਰੇ ਦੇ ਅਨੁਮਾਨ ਅਤੇ ਸੰਬੰਧਿਤ ਯੂਨਿਟਾਂ ਦੀਆਂ ਰਿਪੋਰਟਾਂ ਦੇ ਆਧਾਰ ਤੇ ਦਿੱਤੀ ਜਾਂਦੀ ਹੈ।

ਹਾਲਾਂਕਿ, ਦੋਵੇਂ ਰਾਜਾਂ ਦੇ ਜਵਾਬਾਂ ਵਿੱਚ ਸੇਵਾਮੁਕਤ ਅਧਿਕਾਰੀਆਂ ਨਾਲ ਤੈਨਾਤ ਪੁਲਿਸਕਰਮੀਆਂ ਬਾਰੇ ਕੋਈ ਸਪਸ਼ਟ ਜਾਣਕਾਰੀ ਨਹੀਂ ਦਿੱਤੀ ਗਈ। ਹੁਣ ਇਸ ਮਾਮਲੇ ਦੀ ਅਗਲੀ ਸੁਣਵਾਈ 24 ਅਪ੍ਰੈਲ ਨੂੰ ਹੋਵੇਗੀ।


# ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਅੰਮ੍ਰਿਤਸਰ ਦਿਹਾਤੀ ਪੁਲਿਸ ਨੂੰ ਮਿਲੀ ਵੱਡੀ ਕਾਮਯਾਬੀ, 6 ਨਸ਼ਾ ਤਸਕਰ ਨੂੰ 7.508 ਕਿਲੋ ਹੈਰੋਇਨਤ, 50,500 ਰੁਪਏ ਡਰੱਗ ਮਨੀ ਸਮੇਤ...

ਅੰਮ੍ਰਿਤਸਰ (ਲੋਕ ਬਾਣੀ)- ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਤਹਿਤ ਅੰਮ੍ਰਿਤਸਰ ਦਿਹਾਤੀ ਅਧੀਨ ਆਉਂਦੇ ਪੁਲਿਸ ਥਾਣਾ ਘਰਿੰਡਾਂ ਦੀ ਪੁਲਿਸ ਨੂੰ ਉਸ ਸਮੇਂ ਵੱਡੀ ਸਫਲਤਾ ਹਾਸਲ ਹੋਏ ਜਿਸ ਚ 07 ਕਿਲੋ 508 ਗ੍ਰਾਮ ਹੈਰੋਇਨ ਦੀ ਖੇਪ ਨੂੰ ਬ੍ਰਾਮਦ ਕਰਕੇ ਨਸ਼ਾ ਤਸਕਰੀ ਦੇ ਨੈਟਵਰਕ ਨੂੰ ਵੱਡਾ ਝਟਕਾ ਦਿੱਤਾ ਹੈ।



ਇਸ ਸਬੰਧੀ ਪ੍ਰੈਸ ਕਾਨਫਰੰਸ ਕਰਦਿਆਂ ਐਸਪੀ ਹਰਿੰਦਰ ਸਿੰਘ ਗਿੱਲ ਨੇ ਦੱਸਿਆ ਕਿ ਥਾਣਾ ਘਰਿੰਡਾ ਨੂੰ ਗੁਪਤ ਸੂਚਨਾ ਮਿਲੀ ਸੀ ਕਿ ਦਿਲਬਾਗ ਸਿੰਘ ਉਰਫ ਜੱਜ, ਅਰਸ਼ਦੀਪ ਸਿੰਘ ਉਰਫ ਅਰਸ਼ ਅਤੇ ਸੈਮੂਅਲ ਮਸੀਹ ਉਰਫ ਸੈਮ ਮਿਲ ਕੇ ਹੈਰੋਇੰਨ ਵੇਚਣ ਦਾ ਧੰਦਾ ਕਰਦੇ ਹਨ ਜੋ ਅੱਜ ਵੀ ਇਹ ਤਿੰਨੇ ਪਿੰਡ ਮੋਦੇ ਧਨੋਏ ਸਾਇਡ ਤੋ ਡਿਫੈਂਸ ਡਰੇਨ ਦੇ ਨਾਲ ਨਾਲ ਪਟੜੀ ਰਸਤੇ ਮੋਟਰਸਾਈਕਲ ਪਰ ਸਵਾਰ ਹੋ ਕੇ ਭਾਰੀ ਮਾਤਰਾ ਵਿੱਚ ਹੈਰੋਇਨ ਦੀ ਖੇਪ ਲੈ ਕੇ ਸਪਲਾਈ ਕਰਨ ਲਈ ਅਟਾਰੀ ਸਾਇਡ ਨੂੰ ਆ ਰਹੇ ਹਨ। ਜਿਸ ਤੇ ਤੁਰੰਤ ਕਾਰਵਾਈ ਕਰਦਿਆ ਮੁੱਖ ਅਫਸਰ ਥਾਣਾ ਘਰਿੰਡਾ ਆਪਣੀ ਪੁਲਿਸ ਪਾਰਟੀ ਨੂੰ ਚੰਗੀ ਤਰ੍ਹਾ ਬ੍ਰੀਫ ਕਰਕੇ ਹਰਦੋ ਰਤਨ ਧਨੋਏ ਸਾਇਡ ਪਰ ਧੂਸੀ ਪਰ ਨਾਕਾ ਬੰਦੀ ਦੌਰਾਨ ਦਿਲਬਾਗ ਸਿੰਘ ਉਰਫ ਜੱਜ, ਅਰਸ਼ਦੀਪ ਸਿੰਘ ਉਰਫ ਅਰਸ਼ ਅਤੇ ਸੈਮੂਅਲ ਮਸੀਹ ਉਰਫ ਸੈਮ ਨੂੰ 05 ਕਿੱਲੋ ਹੈਰੋਇੰਨ, 10,000 ਰੁਪਏ ਡਰੱਗ ਮਨੀ, ਤਿੰਨ ਮੋਬਾਇਲ ਫੋਨ ਅਤੇ ਇੱਕ ਸਪਲੈਂਡਰ ਮੋਟਰਸਾਈਕਲ ਸਮੇਤ ਕਾਬੂ ਕਰ ਲਿਆ। ਅਤੇ ਇਹਨਾਂ ਤੇ ਮਾਮਲਾ ਦਰਜ ਕਰਕੇ ਅੱਗੇ ਕਾਰਵਾਈ ਸ਼ੁਰੂ ਕੀਤੀ। ਇਸ ਅਤੇ ਏਸੇ ਲੜੀ ਤਹਿਤ ਇੱਕ ਹੋਰ ਮਾਮਲੇ ਵਿੱਚ ਥਾਣਾ ਲੋਪੋਕੇ ਨੂੰ ਗੁਪਤ ਸੂਚਨਾ ਮਿਲੀ ਕਿ ਜੋਗਾ ਸਿੰਘ , ਪੰਜਾਬ ਸਿੰਘ ਅਤੇ ਸ਼ਰਨਜੀਤ ਕੋਰ ਤਿੰਨੋ ਮਿਲ ਕੇ ਵੱਡੇ ਪੱਧਰ ਤੇ ਪਕਿਸਤਾਨ ਤੋ ਡਰੋਨ ਰਾਹੀ ਹੈਰੋਇੰਨ ਮੰਗਵਾ ਕੇ ਵੇਚਣ ਦਾ ਧੰਦਾ ਕਰਦੇ ਆ ਰਹੇ ਹਨ। ਜੋ ਅੱਜ ਇਹ ਵੀ ਇਹਨਾ ਨੇ ਪਾਕਿਸਤਾਨ ਤੋ ਡਰੋਨ ਰਾਹੀ ਗੁਰਦੁਆਰਾ ਬਾਬਾ ਪੱਲਾ ਸ਼ਹੀਦ ਦੇ ਬੈਕਸਾਈਡ ਖੇਤਾ ਵਿੱਚ ਹੈਰੋਇਨ ਦੀ ਖੇਪ ਮੰਗਵਾਈ ਹੈ ਅਤੇ ਇਹ ਹੈਰੋਇਨ ਦੀ ਖੇਪ ਲੈ ਕੇ ਆਪਣੇ ਮੋਟਰਸਾਈਕਲ ਤੇ ਸਵਾਰ ਹੋ ਕੇ ਜੋਗਾ ਸਿੰਘ ਦੇ ਘਰ ਪਿੰਡ ਬੱਚੀਵਿੰਡ ਜਾਣਗੇ। ਜਿਸ ਤੇ ਤੁਰੰਤ ਕਾਰਵਾਈ ਕਰਦਿਆ ਮੁੱਖ ਅਫਸਰ ਥਾਣਾ ਲੋਪੋਕੇ ਵੱਲੋ ਆਪਣੀ ਪੁਲਿਸ ਪਾਰਟੀ ਦੀ ਮਦਦ ਨਾਲ ਪਿੰਡ ਗਾਗਰ ਮੱਲ ਤੋਂ ਪਿੰਡ ਬੱਚੀਵਿੰਡ ਜਾਂਦੀ ਸੜਕ ਤੋਂ ਜੋਗਾ ਸਿੰਘ,ਪੰਜਾਬ ਸਿੰਘ ਅਤੇ ਸ਼ਰਨਜੀਤ ਕੋਰ ਨੂੰ 2 ਕਿਲੋ 508 ਗ੍ਰਾਮ ਹੈਰੋਇੰਨ, 40,500 ਰੁਪਏ ਡਰੱਗ ਮਨੀ ਅਤੇ ਇਕ ਮੋਟਰ ਸਾਈਕਲ ਸਮੇਤ ਕਾਬੂ ਕਰ ਲਿਆ। ਅਤੇ ਇਹਨਾਂ ਤੇ ਵੀ ਮਾਮਲਾ ਦਰਜ ਕਰਕੇ ਕਾਰਵਾਈ ਸ਼ੁਰੂ ਕੀਤੀ ਉਕਤ ਗ੍ਰਿਫਤਾਰ ਅਰੋਪੀਆਂ ਦੇ ਫਾਰਵਰਡ ਤੇ ਬੈਕਵਰਡ ਲਿੰਕਾ ਨੂੰ ਖੰਘਾਲਿਆ ਜਾ ਰਿਹਾ ਹੈ। ਅਤੇ ਹੋਰ ਜਿਸ ਕਿਸੇ ਦੀ ਵੀ ਸ਼ਮੂਲੀਅਤ ਸਾਹਮਣੇ ਆਵੇਗੀ ਉਸ ਖਿਲਾਫ ਕਾਰਵਾਈ ਕੀਤੀ ਜਾਵੇਗੀ। ਉਕਤ ਗ੍ਰਿਫਤਾਰ ਦੋਸ਼ੀਆ ਦੀ ਕਾਲੀ ਕਮਾਈ ਨਾਲ ਬਣਾਈ ਗਈ ਪ੍ਰਾਪਰਟੀ ਨੂੰ ਵੀ ਆਈਡੈਂਟੀਫਾਈ ਕਰਵਾਇਆ ਜਾ ਰਿਹਾ ਹੈ ਤੇ ਜੇਕਰ ਅਜਿਹੀ ਕੋਈ ਵੀ ਪ੍ਰਾਪਰਟੀ ਸਾਹਮਣੇ ਆਉਦੀ ਹੈ ਤਾਂ ਉਸ ਤੇ ਕਾਨੂੰਨ ਮੁਤਾਬਿਕ ਬਣਦੀ ਕਾਰਵਾਈ ਕੀਤੀ ਜਾਵੇਗੀ।

# ਮਹਾਰਾਸ਼ਟਰ ਚ ਲਾਗੂ ਹੋਇਆ ਸਿੱਖ ਆਨੰਦ ਮੈਰਿਜ ਐਕਟ



(ਲੋਕ ਬਾਣੀ) ਮਹਾਰਾਸ਼ਟਰ ਸਰਕਾਰ ਨੇ ਸਿੱਖ ਭਾਈਚਾਰੇ ਦੇ ਆਨੰਦ ਕਾਰਜ ਵਿਆਹ ਨੂੰ ਕਾਨੂੰਨੀ ਮਾਨਤਾ ਦੇ ਦਿੱਤੀ ਹੈ। ਰਾਜ ਭਰ ਵਿੱਚ ਆਨੰਦ ਕਾਰਜ ਮੈਰਿਜ ਐਕਟ ਲਾਗੂ ਕਰਨ ਦੀਆਂ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਸਿੱਖ ਭਾਈਚਾਰੇ ਨੇ ਇਸ ਫੈਸਲੇ ਦਾ ਸਵਾਗਤ ਕੀਤਾ ਹੈ।

ਇਹ ਨਿਰਦੇਸ਼ ਰਾਜ ਵਿੱਚ ਸਿੱਖ ਵਿਆਹ ਦੀਆਂ ਰਸਮਾਂ ਨੂੰ ਮਾਨਤਾ ਦਿੰਦਾ ਹੈ ਅਤੇ ਸਿੱਖ ਵਿਆਹਾਂ ਦੀ ਰਜਿਸਟ੍ਰੇਸ਼ਨ ਨੂੰ ਸੌਖਾ ਬਣਾਉਂਦਾ ਹੈ। ਮਹਾਰਾਸ਼ਟਰ ਸਰਕਾਰ ਦੇ ਘੱਟ ਗਿਣਤੀ ਵਿਕਾਸ ਵਿਭਾਗ ਨੇ ਐਕਟ ਨੂੰ ਲਾਗੂ ਕਰਨ ਸਬੰਧੀ ਰਾਜ ਦੇ ਸਾਰੇ ਵਿਭਾਗੀ ਕਮਿਸ਼ਨਰਾਂ ਨੂੰ ਅਧਿਕਾਰਤ ਹਦਾਇਤਾਂ ਜਾਰੀ ਕੀਤੀਆਂ ਹਨ। ਮਹਾਰਾਸ਼ਟਰ ਰਾਜ ਪੰਜਾਬੀ ਸਾਹਿਤ ਅਕਾਦਮੀ ਅਤੇ 11 ਮੈਂਬਰੀ ਸਿੱਖ ਕੋਆਰਡੀਨੇਸ਼ਨ ਕਮੇਟੀ ਨੇ 6 ਫਰਵਰੀ 2025 ਨੂੰ ਘੱਟ ਗਿਣਤੀ ਵਿਕਾਸ ਵਿਭਾਗ ਦੇ ਸਕੱਤਰ ਰੁਚੇਸ਼ ਜੈਵਨਸ਼ੀ ਨੂੰ ਇੱਕ ਮੰਗ ਪੱਤਰ ਸੌਂਪਿਆ ਸੀ। ਅਕੈਡਮੀ ਦੇ ਕਾਰਜਕਾਰੀ ਪ੍ਰਧਾਨ ਬਾਲ ਮਲਕੀਤ ਸਿੰਘ ਅਤੇ ਤਾਲਮੇਲ ਕਮੇਟੀ ਦੇ ਕਨਵੀਨਰ ਜਸਪਾਲ ਸਿੰਘ ਸਿੱਧੂ ਨੇ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਦਾ ਧੰਨਵਾਦ ਕੀਤਾ ਹੈ। ਉਨ੍ਹਾਂ ਕਿਹਾ ਕਿ ਮਹਾਰਾਸ਼ਟਰ ਦੇ ਸਿੱਖ ਭਾਈਚਾਰੇ ਲਈ ਇਹ ਇਤਿਹਾਸਕ ਪ੍ਰਾਪਤੀ ਹੈ।

ਇਹ ਫੈਸਲਾ ਸਿੱਖ ਵਿਆਹ ਰਜਿਸਟ੍ਰੇਸ਼ਨ ਪ੍ਰਕਿਰਿਆ ਨੂੰ ਸਰਲ ਅਤੇ ਸਤਿਕਾਰਯੋਗ ਬਣਾ ਦੇਵੇਗਾ। ਹੁਣ ਸਿਵਲ ਬਾਡੀਜ਼ ਨੂੰ ਵੱਖਰੇ ਤੌਰ ਤੇ ਅਪਲਾਈ ਕਰਨ ਦੀ ਲੋੜ ਨਹੀਂ ਪਵੇਗੀ। ਇਹ ਫੈਸਲਾ ਘੱਟ ਗਿਣਤੀਆਂ ਦੇ ਅਧਿਕਾਰਾਂ ਦੀ ਰਾਖੀ ਲਈ ਇੱਕ ਅਹਿਮ ਕਦਮ ਹੈ।

# ਪੰਜਾਬ ਪੁਲਿਸ ਵੱਲੋਂ 10.5 ਕਿਲੋ ਅਫੀਮ ਅਤੇ 35 ਹਜ਼ਾਰ ਰੁਪਏ ਡਰੱਗ ਮਨੀ ਸਮੇਤ ਸ੍ਰੀ ਮੁਕਤਸਰ ਸਾਹਿਬ ਤੋਂ ਨਸ਼ਾ ਤਸਕਰ ਕਾਬੂ

ਚੰਡੀਗੜ੍ਹ/ ਸ੍ਰੀ ਮੁਕਤਸਰ ਸਾਹਿਬ, (ਲੋਕ ਬਾਣੀ)-: ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਤੇ ਸ਼ੁਰੂ ਕੀਤੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੌਰਾਨ ਮਿਲੀ ਜਾਣਕਾਰੀ 'ਤੇ ਵੱਡੀ ਕਾਰਵਾਈ ਕਰਦਿਆਂ ਸ੍ਰੀ ਮੁਕਤਸਰ ਸਾਹਿਬ ਪੁਲਿਸ ਨੇ ਇੱਕ ਡਰੱਗ ਨੈੱਟਵਰਕ ਦਾ ਪਰਦਾਫਾਸ਼ ਕਰਦਿਆਂ ਨਸ਼ਾ ਤਸਕਰ ਨੂੰ ਗ੍ਰਿਫਤਾਰ ਕਰਕੇ ਉਸਦੇ ਕਬਜ਼ੇ ਚੋਂ 10.5 ਕਿਲੋ ਅਫੀਮ ਅਤੇ 35000 ਰੁਪਏ ਡਰੱਗ ਮਨੀ ਬਰਾਮਦ ਕੀਤੀ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।

ਦੱਸਣਯੋਗ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਰਾਜੂ ਵਜੋਂ ਹੋਈ ਹੈ, ਜੋ ਕਿ ਪਿੰਡ ਭਗਵਾਨਪੁਰਾ ਦਾ ਰਹਿਣ ਵਾਲਾ ਹੈ ਅਤੇ ਇਸ ਵੇਲੇ ਮਲੋਟ ਦੇ ਸ਼ਹੀਦ ਭਗਤ ਸਿੰਘ ਨਗਰ ਵਿਖੇ ਰਹਿ ਰਿਹਾ ਹੈ। ਅਫੀਮ ਅਤੇ ਡਰੱਗ ਮਨੀ ਬਰਾਮਦ ਕਰਨ ਤੋਂ ਇਲਾਵਾ, ਪੁਲਿਸ ਟੀਮਾਂ ਨੇ ਉਸਦਾ ਟੀਵੀਐਸ ਅਪਾਚੇ ਮੋਟਰਸਾਈਕਲ (ਰਜਿਸਟ੍ਰੇਸ਼ਨ ਨੰਬਰ ਪੀਬੀ 08 ਈਐਸ 4930) ਵੀ ਜ਼ਬਤ ਕਰ ਲਿਆ ਹੈ।

ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਇਸ ਮਾਮਲੇ ਵਿੱਚ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਅਗਲੇਰੀ ਜਾਂਚ ਜਾਰੀ ਹੈ।

ਸ੍ਰੀ ਮੁਕਤਸਰ ਸਾਹਿਬ ਦੇ ਸੀਨੀਅਰ ਸੁਪਰਡੈਂਟ ਆਫ਼ ਪੁਲਿਸ (ਐਸਐਸਪੀ) ਅਖਿਲ ਚੌਧਰੀ ਨੇ ਕਾਰਵਾਈ ਦੇ ਵੇਰਵੇ ਸਾਂਝੇ ਕਰਦਿਆਂ ਦੱਸਿਆ ਕਿ ਭਰੋਸੇਯੋਗ ਸੂਤਰਾਂ ਤੋਂ ਮਿਲੀ ਜਾਣਕਾਰੀ ਤੇ ਕਾਰਵਾਈ ਕਰਦਿਆਂ, ਐਸਪੀ ਇਨਵੈਸਟੀਗੇਸ਼ਨ ਅਤੇ ਡੀਐਸਪੀ (ਡੀ) ਦੀ ਨਿਗਰਾਨੀ ਹੇਠ ਸੀਆਈਏ ਮਲੋਟ ਦੀਆਂ ਟੀਮਾਂ ਨੇ ਤੁਰੰਤ ਕਾਰਵਾਈ ਕੀਤੀ ਅਤੇ ਇੱਕ ਪਾਰਦਰਸ਼ੀ ਪੈਕੇਟ ਵਿੱਚ 3.5 ਕਿਲੋ ਅਫੀਮ ਅਤੇ 35,000 ਰੁਪਏ ਡਰੱਗ ਮਨੀ ਬਰਾਮਦ ਕਰਨ ਤੋਂ ਬਾਅਦ ਦੋਸ਼ੀ ਰਾਜੂ ਨੂੰ ਕਾਬੂ ਕਰ ਲਿਆ।

ਉਨ੍ਹਾਂ ਕਿਹਾ ਕਿ ਪੁੱਛਗਿੱਛ ਦੌਰਾਨ ਦੋਸ਼ੀ ਰਾਜੂ ਨੇ ਕਬੂਲ ਕੀਤਾ ਕਿ ਉਸਨੇ ਆਪਣੇ ਘਰ ਵਿੱਚ ਹੋਰ ਅਫੀਮ ਛੁਪਾਈ ਹੋਈ ਹੈ। ਉਨ੍ਹਾਂ ਅੱਗੇ ਦੱਸਿਆ ਕਿ ਰਾਜੂ ਦੇ ਬਿਆਨ ਦੇ ਆਧਾਰ ਤੇ, ਪੁਲਿਸ ਟੀਮਾਂ ਨੇ ਉਸ ਦੇ ਘਰ ਦੀ ਤਲਾਸ਼ੀ ਲਈ ਅਤੇ ਹੋਰ 7 ਕਿਲੋ ਅਫੀਮ ਬਰਾਮਦ ਹੋਈ।

ਐਸਐਸਪੀ ਨੇ ਕਿਹਾ ਕਿ ਗ੍ਰਿਫ਼ਤਾਰ ਕੀਤਾ ਮੁਲਜ਼ਮ ਆਦਤਨ ਨਸ਼ਾ ਤਸਕਰ ਹੈ ਅਤੇ ਮਾਰਚ 2024 ਵਿੱਚ ਸਦਰ ਪੁਲਿਸ ਵਿਖੇ ਦਰਜ 54 ਕਿਲੋ ਭੁੱਕੀ ਬਰਾਮਦਗੀ ਦੇ ਮਾਮਲੇ ਵਿੱਚ ਸ੍ਰੀ ਮੁਕਤਸਰ ਸਾਹਿਬ ਪੁਲਿਸ ਨੂੰ ਵੀ ਲੋੜੀਂਦਾ ਹੈ। ਉਨ੍ਹਾਂ ਅੱਗੇ ਦੱਸਿਆ ਕਿ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ ਅਤੇ ਹੋਰ ਖੁਲਾਸੇ ਹੋਣ ਦੀ ਉਮੀਦ ਹੈ।



ਇਸ ਸਬੰਧੀ ਥਾਣਾ ਸਦਰ ਮਲੋਟ ਵਿਖੇ ਐਨਡੀਪੀਐਸ ਐਕਟ ਦੀ ਧਾਰਾ 18(ਬੀ) ਤਹਿਤ ਐਫਆਈਆਰ ਨੰਬਰ 15 ਮਿਤੀ 06.03.2025 ਨੂੰ ਦਰਜ ਕੀਤੀ ਗਈ ਹੈ।

# SGPC ਦੀ ਕਾਰਜਕਾਰਨੀ ਨੇ ਸਿੰਘ ਸਾਹਿਬ ਗਿਆਨੀ ਰਘਵੀਰ ਸਿੰਘ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਜਥੇਦਾਰੀ ਤੋਂ ਆ ਹਟਾਇਆ




ਅੰਮ੍ਰਿਤਸਰ:-(ਲੋਕ ਬਾਣੀ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਕਾਰਜਕਾਰਨੀ ਦੀ ਮੀਟਿੰਗ ਚ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਰਘਵੀਰ ਸਿੰਘ ਨੂੰ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਦੇ ਅਹੁਦੇ ਤੋਂ ਹਟਾ ਦਿੱਤਾ ਗਿਆ। ਮੀਟਿੰਗ ਚ ਇਹ ਫੈਸਲਾ ਲਿਆ ਗਿਆ ਕਿ ਉਹ ਦਰਬਾਰ ਸਾਹਿਬ ਦੇ ਹੈਡ ਗ੍ਰੰਥੀ ਬਣੇ ਰਹਿਣਗੇ। ਕਾਰਜਕਾਰਨੀ ਨੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਸੁਲਤਾਨ ਸਿੰਘ ਦੀਆਂ ਵੀ ਸੇਵਾਵਾਂ ਖਤਮ ਕਰ ਦਿੱਤੀਆਂ ਹਨ ਅਤੇ ਉਹਨਾਂ ਦੀ ਥਾਂ ਤੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਕਾਰਜਕਾਰੀ ਜਥੇਦਾਰ ਨਿਯੁਕਤ ਕਰ ਦਿੱਤਾ ਗਿਆ ਹੈ।

# ਆਪ੍ਰੇਸ਼ਨ ਸੀਲ-9: ਪੰਜਾਬ ਪੁਲਿਸ ਨੇ ਨਸ਼ਾ ਤਸਕਰਾਂ ਅਤੇ ਸ਼ਰਾਬ ਤਸਕਰਾਂ 'ਤੇ ਬਾਜ਼ ਅੱਖ ਰੱਖਣ ਲਈ 10 ਜ਼ਿਲਿਆਂ ਦੀਆਂ 84 ਅੰਤਰ-ਰਾਜੀ ਐਂਟਰੀ/ਐਗਜ਼ਿਟ ਪੁਆਇੰਟਸ ਕੀਤੇ ਸੀਲ

ਚੰਡੀਗੜ੍ਹ,(ਲੋਕ ਬਾਣੀ) ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ 'ਤੇ ਸੂਬੇ ਵਿੱਚੋਂ ਨਸ਼ਿਆਂ ਦੀ ਲਾਹਣਤ ਦੇ ਮੁਕੰਮਲ ਖ਼ਾਤਮੇ ਲਈ ਵਿੱਢੀ 'ਯੁੱਧ ਨਸ਼ਿਆ ਵਿਰੁੱਧ' ਮੁਹਿੰਮ ਨੂੰ ,ਲਗਾਤਾਰ ਸੱਤਵੇਂ ਦਿਨ ਜਾਰੀ ਰੱਖਦਿਆਂ ਪੰਜਾਬ ਪੁਲਿਸ ਨੇ ਸ਼ੁੱਕਰਵਾਰ ਨੂੰ ਇੱਕ ਵਿਸ਼ੇਸ਼ ਆਪ੍ਰੇਸ਼ਨ ' ਅਪ੍ਰੇਸ਼ਨ ਸੀਲ-9' ਚਲਾਇਆ, ਜਿਸਦਾ ਉਦੇਸ਼ ਸਰਹੱਦੀ ਸੂਬੇ ਪੰਜਾਬ ਵਿੱਚ ਦਾਖਲ ਹੋਣ ਜਾਂ ਬਾਹਰ ਜਾਣ ਵਾਲੇ ਸਾਰੇ ਵਾਹਨਾਂ ਦੀ ਚੈਕਿੰਗ ਕਰਨਾ ਸੀ ਤਾਂ ਜੋ ਨਸ਼ਾ ਤਸਕਰਾਂ ਅਤੇ ਸ਼ਰਾਬ ਤਸਕਰਾਂ 'ਤੇ ਤਿੱਖੀ ਨਜ਼ਰ ਰੱਖੀ ਜਾ ਸਕੇ।

ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਦੇ ਨਿਰਦੇਸ਼ਾਂ 'ਤੇ ਸਾਰੇ ਸਰਹੱਦੀ ਜ਼ਿਲ੍ਹਿਆਂ ਵਿੱਚ ਸਵੇਰੇ 8 ਵਜੇ ਤੋਂ ਦੁਪਹਿਰ 2 ਵਜੇ ਤੱਕ ਚਲਾਏ ਗਏ ਇਸ ਆਪ੍ਰੇਸ਼ਨ ਦੌਰਾਨ, ਸਾਰੇ ਐਸਐਸਪੀਜ਼ ਨੂੰ ਨਿਰਦੇਸ਼ ਦਿੱਤੇ ਗਏ ਸਨ ਕਿ ਸਰਹੱਦੀ ਜ਼ਿਲ੍ਹਿਆਂ ਦੀਆਂ ਰਣਨੀਤਕ ਥਾਵਾਂ 'ਤੇ ਸਾਂਝੇ ਨਾਕੇ ਲਗਾਏ ਜਾਣ ਅਤੇ ਗਜ਼ਟਿਡ ਅਧਿਕਾਰੀਆਂ/ਐਸਐਚਓਜ਼ ਦੀ ਨਿਗਰਾਨੀ ਹੇਠ ਸੀਲਿੰਗ ਪੁਆਇੰਟਾਂ 'ਤੇ ਮਜ਼ਬੂਤ 'ਨਾਕੇ' ਲਗਾਉਣ ਲਈ ਵੱਧ ਤੋਂ ਵੱਧ ਨਫ਼ਰੀ ਜੁਟਾਈ ਜਾਵੇ।

ਇਸ ਸਬੰਧੀ ਵੇਰਵੇ ਸਾਂਝੇ ਕਰਦੇ ਹੋਏ, ਵਿਸ਼ੇਸ਼ ਡੀਜੀਪੀ ਕਾਨੂੰਨ ਅਤੇ ਵਿਵਸਥਾ ਅਰਪਿਤ ਸ਼ੁਕਲਾ ਨੇ ਕਿਹਾ ਕਿ ਚਾਰ ਸਰਹੱਦੀ ਰਾਜਾਂ ਅਤੇ ਯੂਟੀ ਚੰਡੀਗੜ੍ਹ ਨਾਲ ਸਰਹੱਦਾਂ ਸਾਂਝੀਆਂ ਕਰਨ ਵਾਲੇ 10 ਜ਼ਿਲ੍ਹਿਆਂ ਦੇ ਲਗਭਗ 84 ਦਾਖਲਾ ਹੋਣ/ਬਾਹਰ ਜਾਣ ਵਾਲੇ ਪੁਆਇੰਟਾਂ 'ਤੇ ਇੰਸਪੈਕਟਰਾਂ/ਡੀਐਸਪੀਜ਼ ਦੀ ਨਿਗਰਾਨੀ ਹੇਠ, 1000 ਤੋਂ ਵੱਧ ਪੁਲਿਸ ਕਰਮਚਾਰੀਆਂ ਦੀ ਨਫ਼ਰੀ ਵਾਲੇ ਮਜ਼ਬੂਤ ਨਾਕੇ ਲਗਾਏ ਗਏ ਸਨ। 10 ਅੰਤਰ-ਰਾਜੀ ਸਰਹੱਦੀ ਜ਼ਿਲ੍ਹਿਆਂ ਵਿੱਚ ਪਠਾਨਕੋਟ, ਸ੍ਰੀ ਮੁਕਤਸਰ ਸਾਹਿਬ, ਫਾਜ਼ਿਲਕਾ, ਰੋਪੜ, ਐਸਏਐਸ ਨਗਰ, ਪਟਿਆਲਾ, ਸੰਗਰੂਰ, ਮਾਨਸਾ, ਹੁਸ਼ਿਆਰਪੁਰ ਅਤੇ ਬਠਿੰਡਾ ਸ਼ਾਮਲ ਹਨ।

ਉਨ੍ਹਾਂ ਕਿਹਾ ਕਿ ਸੂਬੇ ਵਿੱਚ ਦਾਖਲ ਹੋਣ/ਬਾਹਰ ਜਾਣ ਵਾਲੇ 3938 ਵਾਹਨਾਂ ਦੀ ਜਾਂਚ ਕੀਤੀ ਗਈ, ਜਿਨ੍ਹਾਂ ਵਿੱਚੋਂ 471 ਦੇ ਚਲਾਨ ਕੱਟੇ ਗਏ ਅਤੇ 11 ਨੂੰ ਜ਼ਬਤ ਕੀਤਾ ਗਿਆ।

ਇਸ ਤੋਂ ਇਲਾਵਾ, ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਘੇਰਾਬੰਦੀ ਅਤੇ ਖੋਜ ਮੁਹਿੰਮ (ਕਾਸੋ) ਜਾਰੀ ਰੱਖੀ ਹੈ ਅਤੇ ਸ਼ੁੱਕਰਵਾਰ ਨੂੰ 687 ਥਾਵਾਂ 'ਤੇ ਛਾਪੇਮਾਰੀ ਕੀਤੀ ਹੈ, ਜਿਸ ਨਾਲ ਸੂਬੇ ਭਰ ਵਿੱਚ 86 ਐਫ਼ਆਈਆਰਜ਼ ਦਰਜ ਹੋਣ ਤੋਂ ਬਾਅਦ 111 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਇਸ ਨਾਲ, ਇੱਕ ਹਫ਼ਤੇ ਦੇ ਅੰਦਰ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 884 ਹੋ ਗਈ ਹੈ।


ਸਪੈਸ਼ਲ ਡੀਜੀਪੀ ਨੇ ਕਿਹਾ ਕਿ ਛਾਪਿਆਂ ਦੇ ਨਤੀਜੇ ਵਜੋਂ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੇ ਕਬਜ਼ੇ ਵਿੱਚੋਂ 1.2 ਕਿਲੋਗ੍ਰਾਮ ਹੈਰੋਇਨ, 9.8 ਕਿਲੋਗ੍ਰਾਮ ਅਫੀਮ, 3.3 ਕਿਲੋਗ੍ਰਾਮ ਗਾਂਜਾ, 46 ਕਿਲੋਗ੍ਰਾਮ ਭੁੱਕੀ, 7091 ਨਸ਼ੀਲੀਆਂ ਗੋਲੀਆਂ/ਟੀਕੇ ਅਤੇ 1.32 ਲੱਖ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਹੈ।




ਉਨ੍ਹਾਂ ਦੱਸਿਆ ਕਿ 111 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 2000 ਤੋਂ ਵੱਧ ਪੁਲਿਸ ਮੁਲਾਜ਼ਮਾਂ ਦੀ ਨਫ਼ਰੀ ਵਾਲੀਆਂ 250 ਦੇ ਕਰੀਬ ਪੁਲਿਸ ਟੀਮਾਂ ਨੇ ਰਾਜ ਭਰ ਵਿੱਚ ਛਾਪੇਮਾਰੀ ਕੀਤੀ ਅਤੇ 787 ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕੀਤੀ।

ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਨੇ ਇੱਕ ਵਿਆਪਕ ਰਣਨੀਤੀ ਤਿਆਰ ਕੀਤੀ ਹੈ ਅਤੇ ਅਜਿਹੇ ਆਪ੍ਰੇਸ਼ਨ ਰਾਜ ਵਿੱਚੋਂ ਨਸ਼ੇ ਦੀ ਲਾਹਣਤ ਦੇ ਮੁਕੰਮਲ ਖਾਤਮੇ ਤੱਕ ਜਾਰੀ ਰਹਿਣਗੇ।ਸਪੈਸ਼ਲ ਡੀਜੀਪੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਰਾਜ ਵਿੱਚੋਂ ਨਸ਼ੇ ਦੀ ਲਾਹਣਤ ਨੂੰ ਖਤਮ ਕਰਨ ਲਈ ਤਿੰਨ-ਨੁਕਾਤੀ ਰਣਨੀਤੀ - ਇਨਫੋਰਸਮੈਂਟ, ਡੀਐਡਿਕਸ਼ਨ ਐਂਡ ਪ੍ਰੀਵੈਨਸ਼ਨ (ਈਡੀਪੀ) - ਲਾਗੂ ਕਰਨ ਦੇ ਨਾਲ, ਪੰਜਾਬ ਪੁਲਿਸ ਨੇ 'ਨਸ਼ਾ ਛੁਡਾਉਣ' ਦੇ ਹਿੱਸੇ ਵਜੋਂ ਦੋ ਵਿਅਕਤੀਆਂ ਨੂੰ ਨਸ਼ਾ ਛੁਡਾਉਣ ਅਤੇ ਮੁੜ-ਵਸੇਬੇ ਦੇ ਇਲਾਜ ਲਈ ਰਾਜ਼ੀ ਕੀਤਾ ਹੈ, ਜਦੋਂ ਕਿ, ਰੋਕਥਾਮ ਦੇ ਹਿੱਸੇ ਵਜੋਂ ਮੰਗਲਵਾਰ ਨੂੰ ਰਾਜ ਭਰ ਵਿੱਚ 189 ਜਾਗਰੂਕਤਾ ਸਮਾਗਮਾਂ ਦਾ ਆਯੋਜਨ ਕੀਤਾ ਗਿਆ।

# ਭਾਰਤ-ਪਾਕਿ ਰੇਲਵੇ ਟ੍ਰੈਕ ਤੇ ਮਿਲਿਆ ਹੈਂਡ ਗ੍ਰਨੇਡ, ਦਹਿਸ਼ਤ ਦਾ ਮਾਹੌਲ, ਇਲਾਕਾ ਸੀਲ



ਅੰਮ੍ਰਿਤਸਰ-(ਲੋਕ ਬਾਣੀ) ਭਾਰਤ ਤੋਂ ਪਾਕਿਸਤਾਨ ਜਾਣ ਵਾਲੇ ਰੇਲਵੇ ਟ੍ਰੈਕ ਦੇ ਨੇੜੇ ਅੰਤਰਰਾਸ਼ਟਰੀ ਸਰਹੱਦ ਨੇੜੇ ਇੱਕ ਹੈਂਡ ਗ੍ਰੇਨੇਡ ਬਰਾਮਦ ਹੋਇਆ ਹੈ। ਇਹ ਗ੍ਰਨੇਡ ਅਟਾਰੀ ਰੇਲਵੇ ਸਟੇਸ਼ਨ ਨੇੜੇ ਮਿਲਿਆ ਹੈ। ਘਟਨਾ ਤੋਂ ਬਾਅਦ ਸੁਰੱਖਿਆ ਏਜੰਸੀਆਂ ਚੌਕਸ ਹੋ ਗਈਆਂ ਹਨ। ਇਸ ਦੇ ਨਾਲ ਹੀ ਪੁਲਸ ਨੇ ਬੰਬ ਨੂੰ ਕਬਜ਼ੇ ਚ ਲੈ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਜ਼ਿਕਰਯੋਗ ਹੈ ਕਿ 2019 ਤੋਂ ਪਾਕਿਸਤਾਨ ਜਾਣ ਵਾਲੀ ਸਮਝੌਤਾ ਟਰੇਨ ਦੀ ਆਵਾਜਾਈ ਬੰਦ ਹੈ।ਇਹ ਗ੍ਰਨੇਡ ਸਰਹੱਦੀ ਪਿੰਡ ਰੋਡਾਵਾਲੀ ਨੇੜੇ ਮਿਲਿਆ ਹੈ। ਪਾਕਿਸਤਾਨ ਦੀ ਸਰਹੱਦ ਇਸ ਥਾਂ ਤੋਂ ਥੋੜ੍ਹੀ ਦੂਰੀ ਤੇ ਹੈ। ਸ਼ੁਰੂਆਤੀ ਜਾਂਚ ਚ ਸਾਹਮਣੇ ਆਇਆ ਹੈ ਕਿ ਜ਼ਬਤ ਕੀਤਾ ਗਿਆ ਹੈਂਡ ਗ੍ਰੇਨੇਡ ਕਾਫੀ ਪੁਰਾਣਾ ਹੈ ਪਰ ਇਸ ਦੀ ਸਹੀ ਸਥਿਤੀ ਅਤੇ ਖਤਰੇ ਦੇ ਪੱਧਰ ਦੀ ਜਾਂਚ ਕੀਤੀ ਜਾ ਰਹੀ ਹੈ।

ਗ੍ਰਨੇਡ ਮਿਲਣ ਤੋਂ ਬਾਅਦ ਪੁਲਿਸ ਅਤੇ ਬੰਬ ਨਿਰੋਧਕ ਦਸਤੇ ਨੇ ਮੌਕੇ ਤੇ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲਿਆ। ਦੇਖਣਾ ਬਾਕੀ ਹੈ ਕਿ ਇਹ ਬੰਬ ਕਿੰਨਾ ਪੁਰਾਣਾ ਹੈ ਅਤੇ ਇੱਥੇ ਕਿਵੇਂ ਪਹੁੰਚਿਆ।

# ਕੰਮਿਊਨਿਟੀ ਹੈਲਥ ਸੈਂਟਰ ਬੜਾ ਪਿੰਡ ਵਿਖੇ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ

ਬੜਾ ਪਿੰਡ/ ਫਗਵਾੜਾ: ( ਸੁਸ਼ੀਲ ਸ਼ਰਮਾ ) ਕੰਮਿਊਨਿਟੀ ਹੈਲਥ ਸੈਂਟਰ ਬੜਾ ਪਿੰਡ ਵਿਖੇ ਅੰਤਰਰਾਸ਼ਟਰੀ ਮਹਿਲਾ ਦਿਵਸ ਬਹੁਤ ਉਤਸ਼ਾਹ ਅਤੇ ਜੋਸ਼ ਨਾਲ ਮਨਾਇਆ ਗਿਆ। ਇਸ ਮੌਕੇ ਤੇ ਸੀਨੀਅਰ ਮੈਡੀਕਲ ਅਫਸਰ ਡਾ. ਅਮਿਤਾ ਲੂਨਾ ਨੇ ਦੱਸਿਆ ਕਿ ਇਸ ਸਮਾਗਮ ਦਾ ਮੁੱਖ ਉਦੇਸ਼ ਔਰਤਾਂ ਦੀ ਸਮਾਜ ਵਿੱਚ ਅਹਿਮ ਭੂਮਿਕਾ ਨੂੰ ਉਜਾਗਰ ਕਰਨਾ ਅਤੇ ਉਨ੍ਹਾਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨਾ ਸੀ। ਡਾ. ਅਮਿਤਾ ਲੂਨਾ ਨੇ ਔਰਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਔਰਤਾਂ ਨੂੰ ਆਪਣੀ ਸਿਹਤ ਦਾ ਖਾਸ ਧਿਆਨ ਰੱਖਣਾ ਚਾਹੀਦਾ ਹੈ ਅਤੇ ਨਿਯਮਿਤ ਤੌਰ ਤੇ ਡਾਕਟਰੀ ਜਾਂਚ ਕਰਵਾਉਣੀ ਚਾਹੀਦੀ ਹੈ। ਉਨ੍ਹਾਂ ਨੇ ਔਰਤਾਂ ਨੂੰ ਖ਼ੂਨਦਾਨ ਕਰਨ ਲਈ ਵੀ ਪ੍ਰੇਰਿਤ ਕੀਤਾ, ਕਿਉਂਕਿ ਖ਼ੂਨਦਾਨ ਕਰਨਾ ਇੱਕ ਮਹਾਨ ਕਾਰਜ ਹੈ ਅਤੇ ਇਸ ਨਾਲ ਕਿਸੇ ਦੀ ਜਾਨ ਬਚਾਈ ਜਾ ਸਕਦੀ ਹੈ। ਇਸ ਮੌਕੇ ਤੇ ਡਾ ਅਮਿਤਾ ਲੂਨਾ ਨੇ ਕਿਹਾ ਕਿ ਅੱਜ ਦਾ ਦਿਨ ਔਰਤਾਂ ਦੀਆਂ ਪ੍ਰਾਪਤੀਆਂ ਨੂੰ ਸਲਾਮ ਕਰਨ ਅਤੇ ਉਨ੍ਹਾਂ ਦੀ ਸਮਾਜ ਵਿੱਚ ਬਰਾਬਰ ਦੀ ਭਾਗੀਦਾਰੀ ਨੂੰ ਯਕੀਨੀ ਬਣਾਉਣ ਦਾ ਦਿਨ ਹੈ। ਸਾਨੂੰ ਸਾਰਿਆਂ ਨੂੰ ਮਿਲ ਕੇ ਔਰਤਾਂ ਨੂੰ ਸਸ਼ਕਤ ਕਰਨ ਲਈ ਕੰਮ ਕਰਨਾ ਚਾਹੀਦਾ ਹੈ।

ਇਸ ਸਮਾਗਮ ਵਿੱਚ ਸਿਹਤ ਕੇਂਦਰ ਦੇ ਮੈਡੀਕਲ ਅਫ਼ਸਰ ਡੈਂਟਲ ਡਾ ਅਵਿਨਾਸ਼ ਮੰਗੋਤਰਾ, ਆਯੁਰਵੈਦਿਕ ਮੈਡੀਕਲ ਅਫ਼ਸਰ ਡਾ ਬਲਜਿੰਦਰ ਸਿੰਘ, ਬਲਾਕ ਐਜੂਕੇਟਰ ਪ੍ਰੀਤਇੰਦਰ ਸਿੰਘ, ਹੈਲਥ ਸੁਪਰਵਾਈਜ਼ਰ ਸਤਨਾਮ ਅਤੇ ਹੋਰ ਸਟਾਫ ਨੇ ਵੀ ਸ਼ਿਰਕਤ ਕੀਤੀ।




# ਜ਼ਿਲ੍ਹਾ ਵਾਸੀ ਸੇਵਾ ਕੇਂਦਰਾਂ ਦੀਆਂ ਸੇਵਾਵਾਂ ਸਬੰਧੀ ਹੈਲਪਲਾਈਨ ਨੰਬਰ 1100 'ਤੇ ਕਰ ਸਕਦੇ ਹਨ ਸੰਪਰਕ : ਵਧੀਕ ਡਿਪਟੀ ਕਮਿਸ਼ਨਰ ਡਾ. ਬੇਦੀ



ਗੁਰਦਾਸਪੁਰ-ਨਵਨੀਤ ਕੁਮਾਰ - ਆਮ ਲੋਕਾਂ ਨੂੰ ਨਿਰਵਿਘਨ ਤੇ ਪਾਰਦਰਸ਼ੀ ਪ੍ਰਸ਼ਾਸਨਿਕ ਸੇਵਾਵਾਂ ਮੁਹੱਈਆ ਕਰਵਾਉਣ ਲਈ ਗੁਰਦਾਸਪੁਰ ਜ਼ਿਲ੍ਹੇ ਵਿੱਚ ਸੇਵਾ ਕੇਂਦਰਾਂ ਅੰਦਰ 441 ਵੱਖ-ਵੱਖ ਸੇਵਾਵਾਂ ਨਾਗਰਿਕਾਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਕੋਈ ਵੀ ਨਾਗਰਿਕ ਆਪਣੇ ਘਰ ਦੇ ਨਜ਼ਦੀਕ ਸੇਵਾ ਕੇਂਦਰ ਚ ਜਾ ਕੇ ਇਨ੍ਹਾਂ ਸੇਵਾਵਾਂ ਦਾ ਲਾਭ ਲੈ ਸਕਦਾ ਹੈ।

ਇਹ ਜਾਣਕਾਰੀ ਸਾਂਝੀ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਡਾ. ਹਰਜਿੰਦਰ ਸਿੰਘ ਬੇਦੀ ਨੇ ਦੱਸਿਆ ਕਿ ਜ਼ਿਲ੍ਹੇ ਅੰਦਰ ਕੁੱਲ 40 ਸੇਵਾ ਕੇਂਦਰ ਕਾਰਜਸ਼ੀਲ ਹਨ ਅਤੇ ਇਨ੍ਹਾਂ ਸੇਵਾ ਕੇਂਦਰ ਵਿਖੇ ਆਨਲਾਇਨ ਟੋਕਨ ਸਬੰਧੀ ਕਿਊ.ਆਰ. ਕੋਡ ਸਕੈਨ ਕਰ ਕੇ ਜਾਂ ਸੰਪਰਕ ਨੰਬਰ 7009901411 ▾ਤੇ ਵਟਸਐਪ ਰਾਹੀ ਬੁੱਕ ਕੀਤਾ ਜਾ ਸਕਦਾ ਹੈ।

ਵਧੀਕ ਡਿਪਟੀ ਕਮਿਸ਼ਨਰ ਡਾ. ਹਰਜਿੰਦਰ ਸਿੰਘ ਬੇਦੀ ਨੇ ਅੱਗੇ ਦੱਸਿਆ ਕਿ ਇਸ ਤੋਂ ਇਲਾਵਾ 1076 ਡਾਇਲ ਕਰ ਕੇ ਘਰ ਬੈਠੇ ਵੀ 406 ਸੇਵਾਵਾਂ ਪ੍ਰਾਪਤ ਕੀਤੀਆਂ ਜਾ ਸਕਦੀਆਂ ਹਨ। ਜਿਵੇਂ ਕਿ ਜਨਮ ਸਰਟੀਫਿਕੇਟ ਮੌਤ ਦਾ ਸਰਟੀਫਿਕੇਟ, ਜਾਤੀ ਦਾ ਸਰਟੀਫਿਕੇਟ, ਆਮਦਨ ਦਾ ਸਰਟੀਫਿਕੇਟ, ਵਿਆਹ ਦਾ ਸਰਟੀਫਿਕੇਟ ਆਦਿ ਹੋਰ ਸੇਵਾਵਾਂ ਹਨ। ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸੇਵਾ ਕੇਂਦਰਾਂ ਚ ਸੇਵਾਵਾਂ ਪ੍ਰਾਪਤ ਕਰਨ ▾ਚ ਕਿਸੇ ਪ੍ਰਕਾਰ ਦੀ ਦਿੱਕਤ ਪੇਸ਼ ਆਉਣ ਜਾਂ ਕੋਈ ਸ਼ਿਕਾਇਤ ਦਰਜ ਕਰਵਾਉਣ ਲਈ ਹੈਲਪਲਾਈਨ ਨੰਬਰ 1100 ਰਾਹੀ ਸ਼ਿਕਾਇਤ ਦਰਜ ਕਰਵਾਈ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਲੋਕਾਂ ਦੀ ਸੇਵਾ ਵਿੱਚ ਹਰ ਸਮੇਂ ਹਾਜ਼ਰ ਹੈ।

# ਰਿਸ਼ਤੇ ਨਹੀ ਟੁੱਟਦੇ ਜੇ ਬੰਦਾ ਕਰੇ ਚਾਲਾਕੀ ਨਾ ਸੋਲੋ ਗੀਤ ਨੂੰ ਮਿਲ ਰਿਹਾ ਹੈ ਭਰਵਾਂ ਹੁੰਗਾਰਾ: ਰਘੂ ਸ਼ਰਮਾ/ਹਰਪ੍ਰੀਤ ਭੋਗਲ




ਫਗਵਾੜਾ 8 ਮਾਰਚ (ਸੁਸ਼ੀਲ ਸ਼ਰਮਾ ) ਅਨੰਦ ਰਿਕੋਡਿੰਗ ਕੰਪਨੀ ਵਲੋਂ ਰਿਲੀਜ਼ ਕੀਤਾ ਗਿਆ ਗਾਣਾ ਚਾਲਾਕੀ ਕੱਫੀ ਚਰਚਾ ਵਿੱਚ ਹੈ ਇਹਨਾਂ ਗੱਲਾ ਦਾ ਪ੍ਰਗਟਾਵਾ ਰਘੂ ਸ਼ਰਮਾਂ ਅਤੇ ਹਰਪ੍ਰੀਤ ਭੋਗਲ ਨੇ ਕੀਤਾ ਉਨ੍ਹਾਂ ਕਿਹਾ ਕਿ ਸਿੰਗਰ ਕਰਮਜੀਤ ਅਨਮੋਲ ਨੇ ਇਸ ਗਾਣੇ ਨੂੰ ਬੜੇ ਹੀ ਵਧੀਆਂ ਤਰੀਕੇ ਨਾਲ ਪੇਸ਼ ਕੀਤਾ ਹੈ ਉਨ੍ਹਾਂ ਵਲੋਂ ਗਾਏ ਇਸ ਗੀਤ ਚਲਾਕੀ ਨੂੰ ਪ੍ਰਸ਼ੰਸ਼ਕਾਂ ਵਲੋਂ ਭਰਮਾਂ ਹੁੰਗਾਰਾ ਮਿਲ ਰਿਹਾ ਹੈ ਇਸ ਨੂੰ ਲੇਖਕ ਸੰਜੀਵ ਆਨੰਦ ਨੇ ਬਹੁਤ ਹੀ ਵਧੀਆ ਤਰੀਕੇ ਨਾਲ਼ ਲਿਖਿਆ ਹੈ ਅਤੇ ਰਾਜਾ ਸ਼ਰਮਾ ਨੇ ਫਿਲਮਾਇਆ ਹੈ Featuring ਅਮਰ ਨੂਰੀ, ਪ੍ਰਮੋਦ ਸ਼ਰਮਾ ਰਾਣਾ ਤੇ ਪਰਫੋਰਮ ਰਘੂ ਸ਼ਰਮਾਂ , ਸੰਨੀ , ਅਤੇ ਸਿਧਾਂਤ ਨੇ ਕੀਤਾ ਹੈ

# ਸੈਸ਼ਨਜ਼ ਡਵੀਜ਼ਨ, ਗੁਰਦਾਸਪੁਰ ਅਧੀਨ ਸਮੂਹ ਨਿਆਇਕ ਅਦਾਲਤਾਂ ਵਿੱਚ ਰਾਸ਼ਟਰੀ ਲੋਕ ਅਦਾਲਤ ਲਗਾਈ ਗਈ



ਗੁਰਦਾਸਪੁਰ-ਨਵਨੀਤ ਕੁਮਾਰ - ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਕਾਰਜਕਾਰੀ ਚੇਅਰਮੈਨ ਮਾਣਯੋਗ ਜਸਟਿਸ ਅਰੁਣ ਪੱਲੀ, ਜੱਜ ਪੰਜਾਬ ਅਤੇ ਹਰਿਆਣਾ ਹਾਈ ਕੋਰਟ, ਚੰਡੀਗੜ ਦੀਆਂ ਹਦਾਇਤਾਂ ਮੁਤਾਬਕ ਅਤੇ ਸ੍ਰੀ ਰਜਿੰਦਰ ਅਗਰਵਾਲ, ਮਾਣਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ-ਸਹਿਤ-ਚੇਅਰਪਰਸਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਜਦੀ ਰਹਿਨੁਮਾਈ ਹੇਠ ਮੈਡਮ ਰਮਨੀਤ ਕੌਰ, ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਦੁਆਰਾ ਸੈਸ਼ਨਜ਼ ਡਵੀਜ਼ਨ, ਗੁਰਦਾਸਪੁਰ ਅਧੀਨ ਸਮੂਹ ਨਿਆਇਕ ਅਦਾਲਤਾਂ ਵੱਲੋਂ ਕੇਸਾਂ ਦੇ ਨਿਪਟਾਰੇ ਲਈ ਅੱਜ ਨੈਸ਼ਨਲ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ। ਇਸ ਨੈਸ਼ਨਲ ਲੋਕ ਅਦਾਲਤ ਲਈ ਗੁਰਦਾਸਪੁਰ ਅਤੇ ਬਟਾਲਾ ਵਿਖੇ ਨਿਆਇਕ ਅਧਿਕਾਰੀਆਂ ਦੇ ਕੁੱਲ 14 ਲੋਕ ਅਦਾਲਤ ਬੈਚਾਂ ਦਾ ਗਠਨ ਕੀਤਾ ਗਿਆ। ਇਸ ਰਾਸ਼ਟਰੀ ਲੋਕ ਅਦਾਲਤ ਵਿੱਚ ਫੌਜਦਾਰੀ, ਚੈੱਕ ਬਾਊਂਸ, ਬੈਂਕਾਂ ਦੇ ਕੇਸ, ਐਕਸੀਡੈਂਟ ਕਲੇਮ ਕੇਸ ਅਤੇ ਪਰਿਵਾਰਿਕ ਝਗੜੇ ਆਦਿ ਕਿਸਮਾਂ ਦੇ ਕੇਸ ਲਗਾਏ ਗਏ। ਇਸ ਤੋਂ ਇਲਾਵਾ ਪ੍ਰੀ-ਲੀਟੀਗੇਟਿਵ ਕੇਸ ਜਿਵੇਂ ਕਿ ਬੈਂਕ ਰਿਕਵਰੀ ਕੇਸ, ਲੇਬਰ ਆਦਿ ਕੇਸ ਵੀ ਲਗਾਏ ਗਏ। ਇਸ ਲੋਕ ਅਦਾਲਤ ਵਿੱਚ ਰਾਜ਼ੀਨਾਮਾ ਹੋਣ ਯੋਗ ਕੇਸਾਂ ਦੇ ਨਿਪਟਾਰੇ ਲਈ 17690 ਕੇਸ ਲਗਾਏ ਗਏ, ਜੋ ਕਿ ਕੋਰਟਾਂ ਵਿੱਚ ਲੰਬਿਤ ਸਨ ਅਤੇ ਪ੍ਰੀ-ਲੀਟੀਗੇਟਿਵ ਕੇਸ ਸਨ, ਜਿਨ੍ਹਾਂ ਵਿੱਚੋਂ ਕੁੱਲ 16518 ਕੇਸਾਂ ਦਾ ਨਿਪਟਾਰਾ ਕੀਤਾ ਗਿਆ ਅਤੇ 138382873 /- ਰੁਪਏ ਦੀ ਰਕਮ ਦੇ ਆਵਾਰਡ ਪਾਸ ਕੀਤੇ ਗਏ। ਇਸ ਮੌਕੇ ਸ੍ਰੀ ਰਜਿੰਦਰ ਅਗਰਵਾਲ, ਮਾਣਯੋਗ ਜਿਲ੍ਹਾ ਅਤੇ ਸੈਸ਼ਨ ਜੱਜ-ਸਹਿਤ-ਚੇਅਰਪਰਸਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਨੇ ਦੱਸਿਆ ਕਿ ਲੋਕ ਅਦਾਲਤਾਂ ਦਾ ਮੁੱਖ ਮਨੋਰਥ ਦੋਵੇਂ ਧਿਰਾਂ ਦੀ ਆਪਸੀ ਰਜ਼ਾਮੰਦੀ ਨਾਲ ਝਗੜਿਆਂ ਦਾ ਨਿਪਟਾਰਾ ਕਰਵਾਉਣਾ ਹੈ ਤਾਂ ਜੋ ਧਿਰਾਂ ਦੇ ਕੀਮਤੀ ਸਮੇਂ ਅਤੇ ਧੰਨ ਦੀ ਬਚਤ ਹੋ ਸਕੇ ਅਤੇ ਆਪਸੀ ਦੁਸ਼ਮਣੀ ਘਟਾਈ ਜਾ ਸਕੇ। ਲੋਕ ਅਦਾਲਤਾਂ ਰਾਹੀਂ ਫੈਸਲਾ ਹੋਏ ਕੇਸਾਂ ਦੇ ਲਾਭਾਂ ਤੇ ਚਾਨਣਾ ਪਾਉਂਦੇ ਹੋਏ ਉਨ੍ਹਾਂ ਦੱਸਿਆ ਕਿ ਲੋਕ ਅਦਾਲਤ ਰਾਹੀਂ ਫੈਸਲਾ ਹੋਏ ਕੇਸ ਦੀ ਅੱਗੇ ਕੋਈ ਅਪੀਲ ਨਹੀਂ ਹੋ ਸਕਦੀ ਕਿਉਂਕਿ ਲੋਕ ਅਦਾਲਤ ਵਿੱਚ ਫੈਸਲਾ ਧਿਰਾਂ ਦੀ ਆਪਸੀ ਸਹਿਮਤੀ ਰਾਹੀਂ ਕਰਵਾਇਆ ਜਾਂਦਾ ਹੈ। ਇਸ ਨਾਲ ਝਗੜਾ ਹਮੇਸ਼ਾਂ ਲਈ ਖਤਮ ਹੋ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਲੋਕ ਅਦਾਲਤ ਰਾਹੀਂ ਫੈਸਲਾ ਹੋਏ ਕੇਸ ਵਿੱਚ ਲਗਾਈ ਗਈ ਕੋਰਟ ਫੀਸ ਵੀ ਵਾਪਸ ਕੀਤੀ ਜਾਂਦੀ ਹੈ। ਇਸ ਤੋਂ ਇਲਾਵਾ ਮੈਡਮ ਰਮਨੀਤ ਕੌਰ, ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਦੁਆਰਾ ਨੈਸ਼ਨਲ ਲੋਕ ਅਦਾਲਤ ਦੇ ਮੌਕੇ ▾ਤੇ ਕੇਂਦਰੀ ਜੇਲ੍ਹ, ਗੁਰਦਾਸਪੁਰ ਵਿੱਚ ਕੈਂਪ ਕੋਰਟ ਦਾ ਆਯੋਜਨ ਕੀਤਾ ਗਿਆ ਅਤੇ ਇਸ ਕੈਂਪ ਕੋਰਟ ਦੌਰਾਨ ਅਦਾਲਤਾਂ ਵਿੱਚ ਚੱਲ ਰਹੇ ਛੋਟੇ ਕੇਸਾਂ ਦਾ ਨਿਪਟਾਰਾ ਕੀਤਾ ਗਿਆ ਅਤੇ ਹਵਾਲਾਤੀਆਂ ਨੂੰ ਸੇਧ ਦਿੱਤੀ ਗਈ ਕਿ ਉਹ ਚੰਗਾ ਰੁਜ਼ਗਾਰ ਅਪਨਾਉਣ ਤੇ ਦੁਬਾਰਾ ਕੋਈ ਵੀ ਗੈਰ ਕਾਨੂੰਨੀ ਕੰਮ ਨਾ ਕਰਨ।

# ਅੰਤਰ-ਰਾਸ਼ਟਰੀ ਮਹਿਲਾ ਦਿਵਸ ਮੌਕੇ ਸੀ.ਏ. ਨੇਹਾ ਓਬਰਾਏ ਨੂੰ ਕੀਤਾ ਸਨਮਾਨਤ



ਫਗਵਾੜਾ ( ਸੁਸ਼ੀਲ ਸ਼ਰਮਾ ) ਅੰਤਰ-ਰਾਸ਼ਟਰੀ ਮਹਿਲਾ ਦਿਵਸ ਮੌਕੇ ਇਕ ਸਮਾਗਮ ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਫਗਵਾੜਾ ਵਿਖੇ ਚੇਅਰਮੈਨ ਕੇ.ਕੇ. ਸਰਦਾਨਾ ਦੇ ਦਿਸ਼ਾ-ਨਿਰਦੇਸ਼ਾਂ ਅਤੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੀ ਦੇਖਰੇਖ ਹੇਠ ਕਰਵਾਇਆ ਗਿਆ। ਇਸ ਦੌਰਾਨ ਸ਼ਹਿਰ ਦੀਆਂ ਵੱਖ-ਵੱਖ ਸਮਾਜਿਕ ਜੱਥੇਬੰਦੀਆਂ ਵਲੋਂ ਸੀ.ਏ. ਨੇਹਾ ਓਬਰਾਏ ਨੂੰ ਉਹਨਾਂ ਵਲੋਂ ਆਪਣੇ ਕਿੱਤੇ ਅਤੇ ਸਮਾਜ ਨੂੰ ਦਿੱਤੇ ਯੋਗਦਾਨ ਲਈ ਵਿਲੱਖਣ ਔਰਤ ਦਾ ਅਵਾਰਡ ਪ੍ਰਦਾਨ ਕੀਤਾ ਗਿਆ। ਅਵਾਰਡ ਪ੍ਰਦਾਨ ਕਰਨੇ ਵਾਲਿਆਂ ਵਿਚ ਉਡਿਅਨ ਸ਼ਾਲਨੀ ਗਰੁੱਪ ਦੇ ਕੋਆਰਡੀਨੇਟਰ ਮੋਨਿਕਾ, ਇਨਰਵ੍ਹੀਲ ਕਲੱਬ ਦੇ ਪ੍ਰਧਾਨ ਸੁਮਿਤਾ ਪਰਾਸ਼ਰ, ਰੋਟਰੀ ਕਲੱਬ ਤੋਂ ਮਨੋਜ ਮਿੱਢਾ, ਲਾਇਨ ਕਲੱਬ ਦੇ ਪ੍ਰਧਾਨ ਵਿਕਾਸ ਕੋਛੜ, ਜੇ.ਸੀਜ ਦੇ ਜੋਨ ਪ੍ਰਧਾਨ ਆਸਥਾ ਵਰਮਾ, ਅਲਾਇੰਸ ਕਲੱਬ ਦੇ ਵਾਇਸ ਗਵਰਨਰ ਪਦਮ ਲਾਲ ਵਧਾਵਨ, ਇੰਨਵਾਇਰਨਮੈਂਟ ਐਸੋਸੀਏਸ਼ਨ ਦੇ ਤਾਰਾ ਚੰਦ ਚੁੰਬਰ, ਇਕ ਕੋਸ਼ਿਸ਼ ਦੇ ਕ੍ਰਿਸ਼ਨ ਕੁਮਾਰ, ਪੁਨਰਜੋਤ ਤੋਂ ਅਸ਼ੋਕ ਮਹਿਰਾ ਅਤੇ ਸਿਟੀਜਨ ਰਾਈਟਸ ਫੋਰਮ ਤੋਂ ਡਾ. ਜੇ.ਐਸ. ਵਿਰਕ ਸ਼ਾਮਲ ਸਨ। ਸਮਾਗਮ ਵਿਚ ਬ੍ਰਹਮਕੁਮਾਰੀ ਵਿਸ਼ਵ ਵਿਦਿਆਲਿਆ ਫਗਵਾੜਾ ਸੈਂਟਰ ਇੰਚਾਰਜ ਭੈਣ ਸੁਮਨ ਨੇ ਵਿਸ਼ੇਸ਼ ਤੌਰ ਤੇ ਹਾਜਰੀ ਲਗਵਾਈ। ਪਤਵੰਤਿਆਂ ਵਲੋਂ ਸੀ.ਏ. ਨੇਹਾ ਓਬਰਾਏ ਨੂੰ ਗੁਲਦਸਤਾ, ਮੋਮੈਂਟੋ, ਫੁੱਲਾਂ ਦਾ ਹਾਰ ਅਤੇ ਮੋਮੈਂਟੋ ਪਾ ਕੇ ਸਨਮਾਨਤ ਕੀਤਾ ਗਿਆ। ਮਲਕੀਅਤ ਸਿੰਘ ਰਘਬੋਤਰਾ ਨੇ ਨੇਹਾ ਓਬਰਾਏ ਨੂੰ ਸਹੀ ਸੇਧ ਦੇਣ ਲਈ ਉਹਨਾਂ ਦੇ ਮਾਤਾ ਪਿਤਾ ਨਵੀਨ ਓਬਰਾਏ ਅਤੇ ਸਰੋਜ ਓਬਰਾਏ ਦੀ ਭਰਪੂਰ ਸ਼ਲਾਘਾ ਕੀਤੀ। ਸੀ.ਏ. ਨੇਹਾ ਓਬਰਾਏ ਨੇ ਦੱਸਿਆ ਕਿ ਉਹਨਾਂ ਦੇ ਇਸ ਮੁਕਾਮ ਨੂੰ ਹਾਸਲ ਕਰਨ ਦਾ ਸਿਹਰਾ ਆਪਣੇ ਮਾਤਾ ਪਿਤਾ ਅਤੇ ਬ੍ਰਹਮਕੁਮਾਰੀਜ ਨੂੰ ਦਿੱਤਾ। ਇਸ ਮੌਕੇ ਹਰਬੰਸ ਲਾਲ, ਭੈਣ ਵਿਜਯਾ ਬ੍ਰਹਮਕੁਮਾਰੀ, ਗਿੰਨੀ ਭੱਲਾ, ਰਿਸ਼ੂ ਭੱਲਾ, ਕੁਲਦੀਪ ਦੁੱਗਲ, ਰੂਪ ਲਾਲ, ਸੁਧਾ ਬੇਦੀ, ਕੌਂਸਲਰ ਸੀਤਾ ਦੇਵੀ, ਰਾਕੇਸ਼ ਕੁਮਾਰ, ਜੇਸੀ ਜਯੋਤੀ ਸਹਿਦੇਵ, ਆਂਚਲ ਕੁਮਾਰੀ, ਮੋਨਿਕਾ ਕੁਮਾਰੀ, ਇੰਦਰਜੀਤ ਜੈਰਥ ਆਦਿ ਹਾਜਰ ਸਨ।

# ਰਤਨ ਕਾਲਜ ਸੋਹਾਣਾ ਵਿਖੇ ਇੰਟਰਨੈਸ਼ਨਲ ਮਹਿਲਾ ਦਿਵਸ ਮਨਾਇਆ ਗਿਆ



ਮੋਹਾਲੀ/ ਫਗਵਾੜਾ -(ਸੁਸ਼ੀਲ ਸ਼ਰਮਾ) ਅੱਜ ਰਤਨ ਕਾਲਜ ਸੋਹਾਣਾ ਮੋਹਾਲੀ ਵਿਖੇ ਇੰਟਰਨੈਸ਼ਨਲ ਮਹਿਲਾ ਦਿਵਸ ਮਨਾਇਆ ਗਿਆ, ਸਮਾਗਮ ਵਿੱਚ ਪ੍ਰਸਿੱਧ ਆਰਟਿਸਟ ਸਤਿੰਦਰ ਸੱਤੀ ਮੁੱਖ ਮਹਿਮਾਨ ਦੇ ਤੌਰ ਤੇ ਪਹੁੰਚੀ। ਉਹਨਾ ਨੇ ਸਮਾਗਮ ਨੂੰ ਸੰਬੋਧਿਤ ਕਰਦਿਆ ਕਿਹਾ ਕਿ ਮਹਿਲਾਵਾ ਨੇ ਦੇਸ਼ ਦੀ ਤਰੱਕੀ ਵਿੱਚ ਅਹਿਮ ਯੋਗਦਾਨ ਪਾਇਆ ਹੈ ਤੇ ਉਹ ਦੇਸ਼ ਦੇ ਵਿਕਾਸ ਦੀ ਅਹਿਮ ਕੜੀ ਹਨ।ਇਸ ਮੌਕੇ ਤੇ ਬੋਲਦਿਆ ਭਾਜਪਾ ਦੇ ਸੂਬਾ ਪ੍ਰੈਸ ਸਕੱਤਰ ਹਰਦੇਵ ਸਿੰਘ ਉੱਭਾ ਨੇ ਕਿਹਾ ਕਿ ਭਾਰਤ ਦੀ ਰਾਜਨੀਤੀ ਤੇ ਸੁਰੱਖਿਆ ਵਿੱਚ ਸਾਡੀਆਂ ਮਹਿਲਾਵਾ ਦਾ ਅਹਿਮ ਯੋਗਦਾਨ ਹੈ, ਉਹਨਾ ਕਿਹਾ ਕਿ ਅਗਰ ਕੋਈ ਮਹਿਲਾ ਕੋਈ ਵੀ ਉਪਲੱਬਧੀ ਹਾਸਿਲ ਕਰਦੀ ਹੈ ਤਾ ਸਾਨੂੰ ਸਭ ਨੂੰ ਜਸ਼ਨ ਮਨਾਉਣਾ ਚਾਹੀਦਾ ਤਾਂ ਕਿ ਹੋਰਨਾ ਔਰਤਾ ,ਲੜਕੀਆ ਨੂੰ ਪ੍ਰੇਰਿਤ ਕੀਤਾ ਜਾ ਸਕੇ ।ਇਸ ਮੌਕੇ ਨਾਰੀ ਸਕਤੀ ਨੂੰ ਦਰਸਾਉਂਦਾ ਰੰਗਾ ਰੰਗ ਸਭਿਆਚਾਰਕ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ ਤੇ ਕਲਾਕਾਰਾ ਨੂੰ ਸਨਮਾਨਿਤ ਕੀਤਾ ਗਿਆ।ਰਤਨ ਕਾਲਜ ਦੇ ਐਮਡੀ ਸੁੰਦਰ ਲਾਲ ਨੇ ਪਹੁੰਚੇ ਹੋਏ ਮਹਿਮਾਨਾ ਨੂੰ ਜੀ ਆਇਆ ਨੂੰ ਆਖਿਆ ਤੇ ਸਮਗਮ ਵਿੱਚ ਪਹੁੰਚਣ ਲਈ ਧੰਨਵਾਦ ਕੀਤਾ ਗਿਆ। ਸਮਾਗਮ ਦੀ ਮੁੱਖ ਮਹਿਮਾਨ ਸਤਿੰਦਰ ਸੱਤੀ ,ਹਰਦੇਵ ਸਿੰਘ ਉੱਭਾ ਤੇ ਹੋਰਨਾ ਨੂੰ ਸਨਮਾਨਿਤ ਕੀਤਾ ਗਿਆ।

# ਭਗਵੰਤ ਮਾਨ ਆਪਣੇ 'ਆਕਾ' ਨੂੰ ਖੁਸ਼ ਕਰਨ ਲਈ ਲੁਟਾ ਰਿਹਾ ਪੰਜਾਬ ਦਾ ਖਜ਼ਾਨਾ : ਧਾਲੀਵਾਲ



ਫਗਵਾੜਾ ( ਸੁਸ਼ੀਲ ਸ਼ਰਮਾ ) ਜ਼ਿਲ੍ਹਾ ਕਪੂਰਥਲਾ ਕਾਂਗਰਸ ਕਮੇਟੀ ਦੇ ਪ੍ਰਧਾਨ ਅਤੇ ਫਗਵਾੜਾ ਦੇ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਨੇ ਮੁੱਖ ਮੰਤਰੀ ਭਗਵੰਤ ਮਾਨ 'ਤੇ ਪੰਜਾਬ ਦਾ ਖਜ਼ਾਨਾ ਲੁੱਟਣ ਦਾ ਦੋਸ਼ ਲਗਾਉਂਦੇ ਹੋਏ ਅੱਜ ਇੱਥੇ ਗੱਲਬਾਤ ਦੌਰਾਨ ਕਿਹਾ ਕਿ ਭਗਵੰਤ ਮਾਨ ਆਪਣੀ ਮੁੱਖ ਮੰਤਰੀ ਦੀ ਕੁਰਸੀ ਬਚਾਉਣ ਲਈ ਕੇਜਰੀਵਾਲ ਦੀ ਜੀ ਹਜੂਰੀ ਕਰ ਰਿਹਾ ਹੈ। ਕਿਉਂਕਿ ਅਰਵਿੰਦ ਕੇਜਰੀਵਾਲ ਦੀ ਨਜਰ ਦਿੱਲੀ ਵਿੱਚ ਬੁਰੀ ਤਰ੍ਹਾਂ ਹਾਰਣ ਤੋਂ ਬਾਅਦ ਹੁਣ ਪੰਜਾਬ 'ਤੇ ਹੈ। ਪੰਜਾਬ ਦੇ ਮਾਮਲਿਆਂ ਵਿੱਚ ਕੇਜਰੀਵਾਲ ਦਾ ਬੇਲੋੜਾ ਦਖਲ ਪਹਿਲਾਂ ਨਾਲੋਂ ਵੱਧ ਗਿਆ ਹੈ। ਕੇਜਰੀਵਾਲ ਵਿਪਾਸਨਾ ਦੇ ਬਹਾਨੇ ਹੁਸ਼ਿਆਰਪੁਰ, ਪੰਜਾਬ ਵਿੱਚ ਡੇਰਾ ਲਾ ਕੇ ਬੈਠਾ ਹੈ ਅਤੇ ਕਿਸੇ ਨੂੰ ਵੀ ਉਸਦੇ ਇੱਕ ਕਿਲੋਮੀਟਰ ਦੇ ਘੇਰੇ ਵਿੱਚ ਜਾਣ ਦੀ ਇਜਾਜ਼ਤ ਨਹੀਂ ਹੈ। ਕੇਜਰੀਵਾਲ ਦੀ ਸੁਰੱਖਿਆ ਲਈ ਢਾਈ ਸੌ ਪੁਲਿਸ ਕਰਮਚਾਰੀ ਤਾਇਨਾਤ ਕੀਤੇ ਗਏ ਹਨ। ਜਿਸ ਵਿੱਚ ਐਸ.ਐਸ.ਪੀ. ਅਤੇ ਡੀ.ਐਸ.ਪੀ. ਵਰਗੇ ਸੀਨੀਅਰ ਪੱਧਰ ਦੇ ਅਧਿਕਾਰੀ ਵੀ ਸ਼ਾਮਲ ਹਨ। ਫਾਇਰ ਬ੍ਰਿਗੇਡ, ਐਂਬੂਲੈਂਸ, ਟਰਾਮਾ ਸੈਂਟਰ ਵਰਗੀਆਂ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਧਾਲੀਵਾਲ ਨੇ ਪੁੱਛਿਆ ਕਿ ਕੇਜਰੀਵਾਲ ਕਿਹੜੇ ਸੰਵਿਧਾਨਕ ਅਹੁਦੇ 'ਤੇ ਹਨ ਕਿ ਉਨ੍ਹਾਂ ਨੂੰ ਵੀ.ਵੀ.ਆਈ.ਪੀ. ਸਹੂਲਤਾਂ ਦਿੱਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਭਗਵੰਤ ਮਾਨ ਨੂੰ ਕਦੇ ਮਾਫ਼ ਨਹੀਂ ਕਰਨਗੇ। ਪੰਜਾਬ ਦੀਆਂ ਔਰਤਾਂ ਨੂੰ 1100 ਰੁਪਏ ਪ੍ਰਤੀ ਮਹੀਨਾ ਦੇਣ ਦੇ ਵਾਅਦੇ ਨੂੰ ਪੂਰਾ ਕਰਨ ਲਈ ਸਰਕਾਰ ਦੇ ਖ਼ਜ਼ਾਨੇ ਵਿੱਚ ਪੈਸੇ ਨਹੀਂ ਹਨ, ਪਰ ਆਪਣੇ ਆਕਾ ਲਈ ਸਰਕਾਰੀ ਖ਼ਜ਼ਾਨੇ ਨੂੰ ਖੁੱਲ੍ਹੇ ਦਿਲ ਨਾਲ ਲੁੱਟਿਆ ਜਾ ਰਿਹਾ ਹੈ। ਧਾਲੀਵਾਲ ਨੇ ਕਿਹਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਦੇ ਵੋਟਰ 'ਆਪ' ਨੂੰ ਅਜਿਹਾ ਸਬਕ ਸਿਖਾਉਣਗੇ ਕਿ ਇਸ ਪਾਰਟੀ ਦਾ ਰਾਜਨੀਤੀ ਤੋਂ ਸਫਾਇਆ ਹੋ ਜਾਵੇਗਾ। ਉਨ੍ਹਾਂ ਪੰਜਾਬ ਸਰਕਾਰ ਦੀ ਨਸ਼ਿਆਂ ਵਿਰੁੱਧ ਜੰਗ ਨੂੰ ਇੱਕ ਪਬਲੀਸਿਟੀ ਸਟੰਟ ਦੱਸਿਆ ਅਤੇ ਕਿਹਾ ਕਿ ਤਿੰਨ ਸਾਲ ਸੱਤਾ ਵਿੱਚ ਰਹਿਣ ਅਤੇ ਦਿੱਲੀ ਵਿੱਚ ਅਰਵਿੰਦ ਕੇਜਰੀਵਾਲ ਸਰਕਾਰ ਦੀ ਕਰਾਰੀ ਹਾਰ ਤੋਂ ਬਾਅਦ, ਮੁੱਖ ਮੰਤਰੀ ਭਗਵੰਤ ਮਾਨ ਨੂੰ ਪੰਜਾਬ ਵਿੱਚ ਨਸ਼ਾ ਖਤਮ ਕਰਨ ਦਾ ਵਿਚਾਰ ਆਇਆ ਹੈ ਜੋ ਕਿ ਸਿਰਫ਼ ਇੱਕ ਦਿਖਾਵਾ ਹੈ।

# ਜੋਗਿੰਦਰ ਸਿੰਘ ਮਾਨ ਨੇ ਵਾਰਡ ਨੰਬਰ 42 'ਚ ਗਲੀ ਦੀ ਮੁੜ ਉਸਾਰੀ ਦੀ ਕਰਵਾਈ ਸ਼ੁਰੂਆਤ



ਫਗਵਾੜਾ ( ਸੁਸ਼ੀਲ ਸ਼ਰਮਾ ) ਕਾਰਪੋਰੇਸ਼ਨ ਫਗਵਾੜਾ ਵਲੋਂ ਸ਼ਹਿਰ ਦੇ ਵਾਰਡ ਨੰਬਰ 42 ਵਿਖੇ ਗਲੀ ਦੀ ਉਸਾਰੀ ਦੇ ਕੰਮ ਦੀ ਸ਼ੁਰੂਆਤ ਅੱਜ ਆਮ ਆਦਮੀ ਪਾਰਟੀ ਹਲਕਾ ਫਗਵਾੜਾ ਦੇ ਇੰਚਾਰਜ ਜੋਗਿੰਦਰ ਸਿੰਘ ਮਾਨ ਅਤੇ ਮੇਅਰ ਰਾਮਪਾਲ ਉੱਪਲ ਵਲੋਂ ਸਾਂਝੇ ਤੌਰ ਤੇ ਕਰਵਾਈ ਗਈ। ਉਹਨਾਂ ਦੇ ਨਾਲ ਡਿਪਟੀ ਮੇਅਰ ਵਿਪਨ ਸੂਦ ਵੀ ਮੌਜੂਦ ਸਨ। ਜੋਗਿੰਦਰ ਸਿੰਘ ਮਾਨ ਨੇ ਦੱਸਿਆ ਕਿ ਵਾਰਡ ਦੀ ਗਲੀ ਨੰਬਰ 2 ਦੀ ਉਸਾਰੀ ਦਾ ਕੰਮ ਸ਼ੁਰੂ ਕਰਵਾਇਆ ਗਿਆ ਹੈ। ਉਹਨਾਂ ਵਾਰਡ ਦੇ ਸਮੂਹ ਵਸਨੀਕਾਂ ਨੂੰ ਭਰੋਸਾ ਦਿੱਤਾ ਕਿ ਮੇਅਰ ਰਾਮਪਾਲ ਉੱਪਲ ਅਤੇ ਵਾਰਡ ਕੌਂਸਲਰ ਦੀ ਅਗਵਾਈ ਹੇਠ ਵਾਰਡ ਦੇ ਅਧੂਰੇ ਵਿਕਾਸ ਕਾਰਜਾਂ ਨੂੰ ਜਲਦੀ ਪੂਰਾ ਕਰਵਾਇਆ ਜਾਵੇਗਾ। ਮਾਨ ਨੇ ਦੱਸਿਆ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਸ਼ਹਿਰੀ ਅਤੇ ਪੇਂਡੂ ਵਿਕਾਸ ਨੂੰ ਜੰਗੀ ਪੱਧਰ ਤੇ ਕਰਵਾ ਰਹੀ ਹੈ। ਆਮ ਆਦਮੀ ਪਾਰਟੀ ਦੇ ਹਰੇਕ ਵਾਰਡ ਕੌਂਸਲਰ ਵਲੋਂ ਕਾਰਪੋਰੇਸ਼ਨ ਚੋਣਾਂ ਸਮੇਂ ਕੀਤੇ ਵਿਕਾਸ ਦੇ ਸਾਰੇ ਵਾਅਦੇ ਵਾਰੀ-ਵਾਰੀ ਪੂਰੇ ਕੀਤੇ ਜਾ ਰਹੇ ਹਨ। ਇਸ ਮੌਕੇ ਕੌਂਸਲਰ ਜਸਦੇਵ ਸਿੰਘ, ਕੌਂਸਲਰ ਪ੍ਰਿਤਪਾਲ ਕੌਰ ਤੁਲੀ, ਕੌਂਸਲਰ ਅੰਕੁਸ਼ ਓਹਰੀ, ਕੌਂਸਲਰ ਵਿਜੇ ਬਸੰਤ ਨਗਰ, ਕੌਂਸਲਰ ਅਰਜੁਨ ਸੁਧੀਰ ਤੋਂ ਇਲਾਵਾ ਨਵੀਨ ਉੱਪਲ, ਪਰਮਜੀਤ ਕੌਰ, ਰਜਿੰਦਰ ਘੇੜਾ, ਜਤਿੰਦਰ ਸ਼ਰਮਾ, ਸ਼ਿਵ ਰੁਦਰ, ਸਨੀ ਸਮੇਤ ਹੋਰ ਪਤਵੰਤੇ ਹਾਜਰ ਸਨ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਮਾਣਕ ਵੈਲਫੇਅਰ ਸੁਸਾਇਟੀ ਨੇ ਲਗਾਇਆ 14ਵਾਂ ਅੱਖਾਂ ਤੇ ਜਨਰਲ ਬਿਮਾਰੀਆਂ ਦਾ ਫਰੀ ਕੈਂਪ




ਫਗਵਾੜਾ 8 ਮਾਰਚ ( ਸੁਸ਼ੀਲ ਸ਼ਰਮਾ ) ਮਾਣਕ ਵੈਲਫੇਅਰ ਸੁਸਾਇਟੀ ਵਲੋਂ ਸੁਸਾਇਟੀ ਦੇ ਪ੍ਰਧਾਨ ਅਮਰਜੀਤ ਸਿੰਘ ਰਿਆਤ ਯੂ.ਕੇ. ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ 14ਵਾਂ ਅੱਖਾਂ ਦਾ ਫਰੀ ਆਪ੍ਰੇਸ਼ਨ ਅਤੇ ਮੈਡੀਕਲ ਚੈਕਅਪ ਕੈਂਪ ਬਾਹੜਾ ਹਸਪਤਾਲ, ਗ੍ਰਾਮ ਪੰਚਾਇਤ, ਐਨ.ਆਰ.ਆਈ. ਵੀਰਾਂ ਅਤੇ ਲਾਇਨਜ ਕਲੱਬ ਫਗਵਾੜਾ ਦੇ ਸਹਿਯੋਗ ਨਾਲ ਸਰਕਾਰੀ ਮਿਡਲ ਸਕੂਲ ਪਿੰਡ ਮਾਣਕ ਵਿਖੇ ਲਗਾਇਆ ਗਿਆ। ਕੈਂਪ ਦਾ ਉਦਘਾਟਨ ਸੁਖਵਿੰਦਰ ਸਿੰਘ ਰਿਆਤ (ਸੁੰਦਰ) ਯੂ.ਕੇ. ਵਲੋਂ ਕੀਤਾ ਗਿਆ। ਉਪ ਪ੍ਰਧਾਨ ਦਲਵੀਰ ਸਿੰਘ ਸੈਂਡੀ ਯੂ.ਕੇ. ਨੇ ਦੱਸਿਆ ਕਿ ਇਸ ਕੈਂਪ ਦੀ ਸ਼ੁਰੂਆਤ ਸ. ਗੁਰਬਖਸ਼ ਸਿੰਘ ਰਿਆਤ (ਯੂ.ਕੇ.), ਸਵ. ਪ੍ਰੋ. ਸ਼ੀਤਲ ਸਿੰਘ ਅਤੇ ਸਵ. ਗੁਰਦੀਪ ਸਿੰਘ ਲਾਲੀ ਵਲੋਂ 16 ਸਾਲ ਪਹਿਲਾਂ ਕੀਤੀ ਗਈ ਸੀ। ਕੋਵਿਡ ਮਹਾਮਾਰੀ ਦੇ ਦੋ ਸਾਲ ਨੂੰ ਛੱਡ ਕੇ ਇਹ ਕੈਂਪ ਲਗਾਤਾਰ ਲਗਾਇਆ ਜਾ ਰਿਹਾ ਹੈ। ਕੈਂਪ ਦੌਰਾਨ ਬਾਹੜਾ ਹਸਪਤਾਲ ਦੀ ਟੀਮ ਨੇ ਅੱਖਾਂ ਦੇ ਮਾਹਿਰ ਡਾ. ਤੁਸ਼ਾਰ ਅੱਗਰਵਾਲ ਦੀ ਅਗਵਾਈ ਹੇਠ ਕਰੀਬ 500 ਮਰੀਜਾਂ ਦਾ ਚੈਕਅੱਪ ਕੀਤਾ। ਮਰੀਜਾਂ ਦੇ ਸ਼ੁਗਰ, ਬਲੱਡ ਪ੍ਰੈਸ਼ਰ ਅਤੇ ਹੋਰ ਜਨਰਲ ਬਿਮਾਰੀਆਂ ਦਾ ਚੈਕਅਪ ਡਾ. ਸਹਿਜਤਾ ਭੱਟੀ ਵਲੋਂ ਕੀਤਾ ਗਿਆ। ਲੋੜਵੰਦ ਮਰੀਜਾਂ ਨੂੰ ਐਨਕਾਂ ਅਤੇ ਦਵਾਈਆਂ ਫਰੀ ਦਿੱਤੀਆਂ ਗਈਆਂ। ਅੱਖਾਂ ਦੇ ਆਪ੍ਰੇਸ਼ਨ ਲਈ ਚੁਣੇ ਗਏ 125 ਮਰੀਜਾਂ ਦੇ ਆਪ੍ਰੇਸ਼ਨ ਬਾਹੜਾ ਹਸਪਤਾਲ ਫਗਵਾੜਾ ਵਿਖੇ ਕੀਤੇ ਜਾਣਗੇ। ਮਰੀਜਾਂ ਲਈ ਲੰਗਰ ਦੀ ਸੇਵਾ ਸਵ. ਮਹਿੰਦਰ ਸਿੰਘ ਰਿਐਤ ਦੇ ਪਰਿਵਾਰ ਵਲੋਂ ਵਰਤਾਈ ਗਈ। ਅਖੀਰ ਵਿਚ ਲਾਇਨਜ ਕਲੱਬ ਫਗਵਾੜਾ ਦੇ ਚਾਰਟਰ ਪ੍ਰਧਾਨ ਸੁਖਵਿੰਦਰ ਸਿੰਘ ਟੈਰੀ ਨੇ ਦੱਸਿਆ ਕਿ ਇਸ ਕੈਂਪ ਨੂੰ ਸਫਲ ਬਨਾਉਣ ਵਿਚ ਐਨ.ਆਰ.ਆਈ. ਰਾਜਬੀਰ ਸਿੰਘ ਮਾਣਕ ਯੂ.ਕੇ., ਸੁਰਿੰਦਰ ਸਿੰਘ ਮਾਣਕ ਯੂ.ਕੇ., ਜਸਵੰਤ ਸਿੰਘ ਲੱਲੀ ਯੂ.ਕੇ., ਸੁਰਜੀਤ ਸਿੰਘ ਪੁਰੇਵਾਲ ਯੂ.ਕੇ., ਸਰਬਜੀਤ ਸਿੰਘ ਰਿਆਤ ਯੂ.ਕੇ., ਅਨੂਪ ਸਿੰਘ ਰਿਆਤ ਯੂ.ਕੇ., ਸੁਰਿੰਦਰ ਸਿੰਘ ਰਿਆਤ ਯੂ.ਕੇ. ਦਾ ਵਿਸ਼ੇਸ਼ ਸਹਿਯੋਗ ਰਿਹਾ। ਉਹਨਾਂ ਨੇ ਸਮੂਹ ਸਹਿਯੋਗੀਆਂ, ਪਤਵੰਤਿਆਂ ਅਤੇ ਡਾਕਟਰ ਸਾਹਿਬਾਨ ਦਾ ਤਹਿ ਦਿਲੋਂ ਧੰਨਵਾਦ ਕੀਤਾ। ਸਟੇਜ ਦੀ ਸੇਵਾ ਸੁਖਨਿੰਦਰ ਸਿੰਘ ਬੱਬੂ ਵਲੋਂ ਨਿਭਾਈ ਗਈ। ਇਸ ਮੌਕੇ ਲਾਇਨਜ ਕਲੱਬ ਫਗਵਾੜਾ ਦੇ ਪ੍ਰਧਾਨ ਲਾਇਨ ਨਵਜੋਤ ਸਿੰਘ, ਲਾਇਨ ਮਹਿੰਦਰ ਪਾਲ, ਲਾਇਨ ਸਰਬਜੀਤ ਸਿੰਘ, ਲਾਇਨ ਦੇਵ ਕਾਲੀਆ, ਵਰਿੰਦਰ ਸਿੰਘ ਰਿਆਤ, ਹਰਿੰਦਰ ਸਿੰਘ ਲੱਕੀ ਤੋਂ ਇਲਾਵਾ ਸਮੂਹ ਗ੍ਰਾਮ ਪੰਚਾਇਤ ਅਤੇ ਪਿੰਡ ਦੇ ਪਤਵੰਤੇ ਹਾਜਰ ਸਨ।

# ਮੇਹਟਾਂ-ਮੇਹਲੀ ਬਾਈਪਾਸ ਰੋਡ ਵਿਖੇ 38ਵੇਂ ਸਲਾਨਾ ਹੋਲਾ ਮਹੱਲਾ ਲੰਗਰ ਦੀ ਸੇਵਾ ਨਿਰੰਤਰ ਜਾਰੀ






ਫਗਵਾੜਾ ( ਸੁਸ਼ੀਲ ਸ਼ਰਮਾ ) ਹੋਲਾ ਮਹੱਲਾ ਲੰਗਰ ਕਮੇਟੀ (ਰਜਿ.) ਫਗਵਾੜਾ ਵਲੋਂ ਮੇਹਟਾਂ-ਮੇਹਲੀ ਬਾਈਪਾਸ ਰੋਡ (ਨੇੜੇ ਰਾਧਾ ਸੁਆਮੀ ਸਤਿਸੰਗ ਘਰ) ਵਿਖੇ ਸਮੂਹ ਸਾਧ ਸੰਗਤ ਦੇ ਸਹਿਯੋਗ ਨਾਲ ਹੋਲਾ ਮਹੱਲਾ ਸ੍ਰੀ ਆਨੰਦਪੁਰ ਸਾਹਿਬ ਨੂੰ ਜਾਣ ਵਾਲੀ ਸੰਗਤ ਦੀ ਸੇਵਾ 'ਚ ਹਰ ਸਾਲ ਦੀ ਤਰ੍ਹਾਂ 38ਵੇਂ ਲੰਗਰ ਦੀ ਸੇਵਾ ਅੱਜ ਤੀਸਰੇ ਦਿਨ ਵੀ ਨਿਰਵਿਘਨ ਜਾਰੀ ਰਹੀ। ਸੰਗਤਾਂ ਨੇ ਵੱਡੀ ਗਿਣਤੀ ਵਿਚ ਲੰਗਰ ਛਕਿਆ ਅਤੇ ਸ਼੍ਰੀ ਆਨੰਦਪੁਰ ਸਾਹਿਬ ਨੂੰ ਰਵਾਨਾ ਹੋਈਆਂ। ਨੌਜਵਾਨਾਂ ਤੇ ਬੀਬੀਆਂ ਵਲੋਂ ਲੰਗਰ ਦੀ ਸੇਵਾ ਪੂਰੀ ਤਨਦੇਹੀ ਨਾਲ ਨਿਭਾਈ ਜਾ ਰਹੀ ਹੈ। ਕਮੇਟੀ ਪ੍ਰਧਾਨ ਕੁਲਵੰਤ ਸਿੰਘ ਬਿੱਟੂ, ਕੁਲਵਿੰਦਰ ਸਿੰਘ ਪਟਵਾਰੀ, ਸੁਖਦਿਆਲ ਸਿੰਘ, ਬਲਿਹਾਰ ਸਿੰਘ, ਬਿੰਦਰਜੀਤ ਸਿੰਘ, ਅਮਰਜੀਤ ਸਿੰਘ ਤੇ ਗੁਰਮੀਤ ਸਿੰਘ ਨੇ ਦੱਸਿਆ ਕਿ ਇਹ ਸੇਵਾ 6 ਮਾਰਚ ਨੂੰ ਸ਼ੁਰੂ ਕੀਤੀ ਗਈ ਸੀ, ਜੋ ਕਿ 15 ਮਾਰਚ ਤੱਕ ਜਾਰੀ ਰਹੇਗੀ। ਉਹਨਾਂ ਦੱਸਿਆ ਕਿ ਸੇਵਾਦਾਰ ਨੌਜਵਾਨਾਂ ਤੇ ਬੀਬੀਆਂ ਵਿਚ 24 ਘੰਟੇ ਲੰਗਰ ਦੀ ਸੇਵਾ ਨਿਭਾਉਣ ਨੂੰ ਲੈ ਕੇ ਭਾਰੀ ਉਤਸ਼ਾਹ ਹੈ। ਲੰਗਰ ਦੌਰਾਨ ਛੋਟੇ ਬੱਚਿਆਂ ਲਈ ਦੁੱਧ, ਸੰਗਤਾਂ ਲਈ ਚਾਹ ਅਤੇ ਬੀਮਾਰਾਂ ਲਈ ਦਵਾਈਆਂ ਦਾ ਵੀ ਹਰ ਸਾਲ ਦੀ ਤਰ੍ਹਾਂ ਖਾਸ ਤੌਰ ਤੇ ਪ੍ਰਬੰਧ ਕੀਤਾ ਗਿਆ ਹੈ। ਦੇਸ਼ ਵਿਦੇਸ਼ ਦੀਆਂ ਸੰਗਤਾਂ ਵਲੋਂ ਇਸ ਲੰਗਰ ਵਿਚ ਭਰਪੂਰ ਸਹਿਯੋਗ ਕੀਤਾ ਜਾ ਰਿਹਾ ਹੈ। ਉਹਨਾਂ ਇਲਾਕੇ ਭਰ ਦੀ ਸਮੂਹ ਸੰਗਤ ਨੂੰ ਅਪੀਲ ਕੀਤੀ ਕਿ ਲੰਗਰ ਵਿਚ ਰਸਦ ਜਾਂ ਕੋਈ ਹੋਰ ਸਹਿਯੋਗ ਕਰਨ ਲਈ ਹੋਲਾ ਮਹੱਲਾ ਲੰਗਰ ਕਮੇਟੀ ਨਾਲ ਸੰਪਰਕ ਕਰਨ। ਇਸ ਮੌਕੇ ਬਾਬਾ ਜਸਵੀਰ ਸਿੰਘ ਬਾਬਾ ਗਧੀਆ, ਮਹਿੰਦਰ ਸਿੰਘ ਯੂ.ਕੇ., ਅਮਰੀਕ ਸਿੰਘ ਯੂ.ਕੇ., ਪਿਆਰਾ ਸਿੰਘ, ਮਨਵੀਰ ਸਿੰਘ, ਹਰਜੋਤ ਸਿੰਘ, ਮਨਜੀਤ ਸਿੰਘ ਯੂ.ਐਸ.ਏ., ਮਨਿੰਦਰ ਸਿੰਘ, ਗੁਰਪ੍ਰੀਤ ਸਿੰਘ ਗੋਪੀ, ਜੀਵਨਜੋਤ ਸਿੰਘ, ਜਸਮੀਤ ਸਿੰਘ, ਗੁਰਪਾਲ ਸਿੰਘ, ਹਨੀ ਹਲਵਾਈ, ਸਨੀ ਚਾਓ, ਕੁਲਵਿੰਦਰ ਸਿੰਘ, ਆਸ਼ੂ, ਮਾਨ ਸਿੰਘ ਆਦਿ ਹਾਜਰ ਸਨ।

# ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਪਿੰਡ ਬੇਗਮਪੁਰ ਵਿਖੇ ਚਾਰਦੀਵਾਰੀ ਦੀ ਉਸਾਰੀ ਦੀ ਕਰਵਾਈ ਸ਼ੁਰੂਆਤ



ਫਗਵਾੜਾ ( ਸੁਸ਼ੀਲ ਸ਼ਰਮਾ ) ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਪਿੰਡ ਬੇਗਮਪੁਰ ਤਹਿਸੀਲ ਫਗਵਾੜਾ ਨੂੰ ਰਮਸਾ ਸਕੀਮ ਅਧੀਨ ਪੰਜਾਬ ਸਰਕਾਰ ਦੇ ਸਿੱਖਿਆ ਵਿਭਾਗ ਵਲੋਂ 2 ਲੱਖ ਰੁਪਏ ਦੀ ਗ੍ਰਾਂਟ ਪ੍ਰਾਪਤ ਹੋਈ ਹੈ। ਜਿਸ ਨਾਲ ਸਕੂਲ ਦੀ ਅਧੂਰੀ ਪਈ ਚਾਰਦੀਵਾਰੀ ਦੇ ਕੰਮ ਦੀ ਸ਼ੁਰੂਆਤ ਅੱਜ ਐਸ.ਐਮ.ਸੀ. ਕਮੇਟੀ ਚੇਅਰਮੈਨ ਰੇਖਾ ਰਾਣੀ ਵਲੋਂ ਕਰਵਾਈ ਗਈ। ਇਸ ਮੌਕੇ ਜਾਣਕਾਰੀ ਦਿੰਦਿਆਂ ਸਕੂਲ ਇੰਚਾਰਜ ਮਨੀਸ਼ ਜਸੂਜਾ ਅਤੇ ਰਿਟਾ. ਪ੍ਰਿੰਸੀਪਲ ਜਸਵਿੰਦਰ ਸਿੰਘ ਬੰਗੜ ਨੇ ਸਿੱਖਿਆ ਵਿਭਾਗ ਅਤੇ ਪੰਜਾਬ ਸਰਕਾਰ ਦਾ ਗ੍ਰਾਂਟ ਦੇਣ ਲਈ ਤਹਿ ਦਿਲੋਂ ਧੰਨਵਾਦ ਕੀਤਾ। ਉਹਨਾਂ ਦੱਸਿਆ ਕਿ ਉਕਤ ਗ੍ਰਾਂਟ ਨਾਲ ਕਰੀਬ 40 ਮੀਟਰ ਚਾਰਦੀਵਾਰੀ ਦੀ ਮਜਬੂਤ ਉਸਾਰੀ ਕੀਤੀ ਜਾ ਰਹੀ ਹੈ। ਇਸ ਮੌਕੇ ਸਕੂਲ ਸਟਾਫ ਕਰਿਤਿਕਾ, ਰਾਣੋ, ਸੁਰਜੀਤ ਕੌਰ, ਬਲਵਿੰਦਰ ਕੌਰ, ਅੰਜਲੀ, ਠੇਕੇਦਾਰ ਗੁਰਪ੍ਰੀਤ ਢੱਡਵਾਲ, ਅਭੀ, ਮੰਨ ਭਟੋਏ ਆਦਿ ਹਾਜਰ ਸਨ।

ਤਸਵੀਰ - ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਪਿੰਡ ਬੇਗਮਪੁਰ ਵਿਖੇ ਚਾਰਦੀਵਾਰੀ ਦੇ ਕੰਮ ਦੀ ਸ਼ੁਰੂਆਤ ਕਰਦੇ ਹੋਏ ਪਤਵੰਤੇ।

# ਅਡਵਾਈਜ਼ਰ ਆਫ ਸਟੇਟ ਗਵਰਨਮੇਂਟ ਵਲੋ ਵੱਖ ਵੱਖ ਸਿਹਤ ਸੰਸਥਾਵਾਂ ਦਾ ਦੌਰਾ ਕੀਤਾ ਗਿਆ



ਅੰਮ੍ਰਿਤਸਰ,-(ਲੋਕ ਬਾਣੀ) ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਅਡਵਾਈਜ਼ਰ ਆਫ ਸਟੇਟ ਗਵਰਨਮੈਂਟ ਮਾਨਯੋਗ ਅਨੁਰਾਗ ਕੁੰਡੂ ਜੀ ਵੱਲੋਂ ਵੱਖ-ਵੱਖ ਸਿਹਤ ਸੰਸਥਾਵਾਂ ਦਾ ਦੌਰਾ ਕੀਤਾ ਗਿਆ, ਜਿਸ ਦੌਰਾਨ ਸਿਵਲ ਹਸਪਤਾਲ ਅੰਮ੍ਰਿਤਸਰ ਵਿਖੇ ਉਹਨਾਂ ਵੱਲੋਂ ਐਮਰਜੰਸੀ ਵਿਭਾਗ, ਓਪੀਡੀ ਵਿਭਾਗ, ਐਮਸੀਐਚ ਵਿਭਾਗ, ਇੰਡੋਰ ਵਿੱਚ ਦਾਖਲ ਮਰੀਜ਼, ਡਾਇਲਿਸਿਸ ਯੂਨਿਟ, ਗਾਈਨੀ ਓਪੀਡੀ, ਓਟ ਕਲੀਨਿਕ, ਦਵਾਈਆਂ ਦਾ ਸਟਾਕ ਅਤੇ ਹਸਪਤਾਲ ਦੇ ਸਮੁੱਚੇ ਪ੍ਰਬੰਧ ਸਬੰਧੀ ਜਾਂਚ ਪੜਤਾਲ ਕੀਤੀ ਅਤੇ ਮੌਕੇ ਤੇ ਉਹਨਾਂ ਵਿੱਚ ਹੋਰ ਸੁਧਾਰ ਲਿਆਉਣ ਲਈ ਹਿਦਾਇਤਾਂ ਜਾਰੀ ਕੀਤੀਆਂ। ਇਸ ਉਪਰੰਤ ਉਹਨਾਂ ਵੱਲੋਂ ਇੱਕ ਹੈਲਥ ਐਂਡ ਵੈਲਨੈਸ ਸੈਂਟਰ ਬੋਪਾਰਾਏ ਵਿਖੇ ਚੈਕਿੰਗ ਕੀਤੀ ਗਈ, ਜਿਸ ਦੌਰਾਨ ਉਨਾਂ ਵੱਲੋਂ ਕਮਿਊਨਿਟੀ ਹੈਲਥ ਅਫਸਰ ਦੇ ਕੰਮਾਂ ਦੀ ਜਾਂਚ ਕੀਤੀ ਗਈ ਅਤੇ ਕੰਮ ਵਿੱਚ ਹੋਰ ਸੁਧਾਰ ਕਰਨ ਲਈ ਕਿਹਾ ਗਿਆ। ਇਸ ਉਪਰੰਤ ਉਹਨਾਂ ਵੱਲੋਂ ਆਯੁਸ਼ਮਾਨ ਅਰੋਗਿਯਾ ਕੇਂਦਰ ਚੱਕ-ਮੁਕੰਦ ਵਿਖੇ ਚੈਕਿੰਗ ਕੀਤੀ ਗਈ। ਇਸ ਮੌਕੇ ਤੇ ਅਨੁਰਾਗ ਕੁੰਡੂ ਜੀ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀ ਮਿਆਰੀ ਸਿਹਤ ਲਈ ਵਚਨਬੱਧ ਹੈ, ਇਸ ਲਈ ਸਿਹਤ ਵਿਭਾਗ ਦੇ ਕੰਮਾਂ ਵਿੱਚ ਹੋਰ ਸੁਧਾਰ ਲਿਆਉਣ ਲਈ ਅਤੇ ਬਿਹਤਰ ਸਿਹਤ ਸੇਵਾਵਾਂ ਮੁਹਈਆ ਕਰਨ ਲਈ ਇਹ ਚੈਕਿੰਗ ਕੀਤੀ ਜਾ ਰਹੀ ਹੈ। ਇਸ ਚੈਕਿੰਗ ਦੌਰਾਨ ਸਿਵਲ ਸਰਜਨ ਅੰਮ੍ਰਿਤਸਰ ਡਾ.ਕਿਰਨਦੀਪ ਕੌਰ ਅਤੇ ਸਮੁੱਚੀ ਟੀਮ ਵੀ ਉਹਨਾਂ ਦੇ ਨਾਲ ਮੌਜੂਦ ਸੀ।

# ਪਿੰਡ ਵਜੀਦੋਵਾਲ ਵਿਖੇ ਮਨਾਇਆ ਅੰਤਰ ਰਾਸ਼ਟਰੀ ਮਹਿਲਾ ਦਿਵਸ



ਫਗਵਾੜਾ ( ਸੁਸ਼ੀਲ ਸ਼ਰਮਾ ) ਆਈ.ਟੀ.ਸੀ. ਮਿਸ਼ਨ ਸੁਨਹਿਰਾ ਕੱਲ ਤਹਿਤ ਮਾਨਵ ਵਿਕਾਸ ਸੰਸਥਾ ਵਲੋਂ ਪਿੰਡ ਵਜੀਦੋਵਾਲ ਤਹਿਸੀਲ ਫਗਵਾੜਾ ਵਿਖੇ ਅੰਤਰਰਾਸ਼ਟਰੀ ਮਹਿਲਾ ਦਿਵਸ ਪਿੰਡ ਦੇ ਕਮਿਊਨਿਟੀ ਹਾਲ ਵਿਖੇ ਗ੍ਰਾਮ ਪੰਚਾਇਤ ਦੇ ਸਹਿਯੋਗ ਨਾਲ ਮਨਾਇਆ ਗਿਆ। ਜਿਸ ਵਿਚ ਪਿੰਡ ਦੀਆਂ ਔਰਤਾਂ ਨੇ ਵੱਡੀ ਗਿਣਤੀ ਵਿਚ ਸ਼ਮੂਲੀਅਤ ਕੀਤੀ। ਇਸ ਦੌਰਾਨ ਕਿਸਾਨ ਸਿਖਲਾਈ ਕੈਂਪ ਲਗਾਇਆ ਗਿਆ। ਇਸ ਦੌਰਾਨ ਵਿਸ਼ੇਸ਼ ਤੌਰ ਤੇ ਪਹੁੰਚੇ ਮਾਨਵ ਵਿਕਾਸ ਸੰਸਥਾ ਦੇ ਐਗਰੀਕਲਚਰ ਅਫਸਰ ਅਤੇ ਸਰਪੰਚ ਰਿੰਪਲ ਕੁਮਾਰ ਨੇ ਔਰਤਾਂ ਨੂੰ ਮਹਿਲਾ ਦਿਵਸ ਦੀਆਂ ਸ਼ੁੱਭ ਇੱਛਾਵਾਂ ਦਿੱਤੀਆਂ ਅਤੇ ਮਹਿਲਾ ਸਸ਼ਕਤੀਕਰਣ ਲਈ ਔਰਤਾਂ ਨੂੰ ਆਤਮ ਨਿਰਭਰ ਬਣਨ ਲਈ ਪ੍ਰੇਰਿਆ ਉਹਨਾਂ ਕਿਹਾ ਕਿ ਪੁਰਾਣੇ ਸਮੇਂ ਵਿਚ ਹਰੇਕ ਭਾਰਤੀ ਔਰਤ ਕੋਈ ਨਾ ਕੋਈ ਹੱਥੀਂ ਕਿੱਤੇ ਵਿਚ ਮਾਹਿਰ ਹੁੰਦੀਆਂ ਸਨ ਅਤੇ ਉਹਨਾਂ ਨੂੰ ਇਹ ਸਿਖਲਾਈ ਵੀ ਘਰ ਵਿਚ ਹੀ ਮਿਲ ਜਾਂਦੀ ਸੀ। ਜ਼ਰੂਰਤ ਹੋਣ ਤੇ ਉਹ ਸਿਲਾਈ, ਕਢਾਈ, ਕ੍ਰੋਸ਼ੀਆ, ਸਵੈਟਰ, ਦਰੀਆਂ, ਖੇਸੀਆਂ ਆਦਿ ਬੁਣ ਕੇ ਗੁਜਾਰਾ ਕਰ ਲੈਂਦੀਆਂ ਸੀ। ਪਰ ਅਜੋਕੇ ਸਮੇਂ ਵਿਚ ਹੱਥੀਂ ਹੁਨਰ ਸਿੱਖਣ ਦੀ ਦਿਲਚਸਪੀ ਬੱਚੀਆਂ ਵਿਚ ਘੱਟਦੀ ਜਾ ਰਹੀ ਹੈ। ਉਹਨਾਂ ਸਮੂਹ ਔਰਤਾਂ ਨੂੰ ਅਪੀਲ ਕੀਤੀ ਕਿ ਆਪਣੀਆਂ ਧੀਆਂ ਪੜ੍ਹਾਈ ਦੇ ਨਾਲ ਕਿਸੇ ਹੱਥੀਂ ਹੁਨਰ ਦੀ ਸਿਖਲਾਈ ਵੀ ਜ਼ਰੂਰ ਦੁਆਉਣ। ਕੌਮਲ ਰਾਣਾ ਨੇ ਅੰਤਰ ਰਾਸ਼ਟਰੀ ਮਹਿਲਾ ਦਿਵਸ ਦੇ ਸਬੰਧ ਵਿਚ ਆਪਣੇ ਵਢਮੁੱਲੇ ਵਿਚਾਰ ਪੇਸ਼ ਕੀਤੇ ਅਤੇ ਹਾਜਰੀਨ ਨੂੰ ਇਸ ਦਿਨ ਦੇ ਮਹੱਤਵ ਬਾਰੇ ਦੱਸਿਆ। ਇਸ ਦੌਰਾਨ ਉਹਨਾਂ ਨੇ ਧਰਤੀ ਹੇਠਲੇ ਪਾਣੀ ਦੇ ਪੱਧਰ ਅਤੇ ਮਿੱਟੀ ਦੀ ਘੱਟ ਰਹੀ ਉਪਜਾਊ ਸ਼ਕਤੀ ਦੇ ਕਾਰਨਾਂ ਬਾਰੇ ਸੰਖੇਪ ਜਾਣਕਾਰੀ ਦਿੱਤੀ ਅਤੇ ਕਿਸਾਨਾਂ ਜਲਵਾਯੂ ਸਮਾਰਟ ਖੇਤੀ, ਫਸਲਾਂ ਦੀ ਬਿਜਾਈ ਤੋਂ ਇਲਾਵਾ ਖੇਤਾਂ ਦੇ ਕਿਨਾਰੇ ਤੇ ਖੂਹਾਂ ਆਦਿ ਦੀ ਖਾਲੀ ਜਗ੍ਹਾ ਤੇ ਵੱਧ ਤੋਂ ਵੱਧ ਰੁੱਖ ਲਗਾਉਣ ਦੀ ਅਪੀਲ ਕੀਤੀ। ਇਸ ਮੌਕੇ ਪੰਚਾਇਤ ਮੈਂਬਰ ਸੰਤੋਸ਼ ਰਾਣੀ, ਸੁਮਿਤ, ਗੁਰਪ੍ਰੀਤ ਕੌਰ, ਸੋਨੀਆ ਰਾਣੀ, ਕਮਲੇਸ਼ ਰਾਣੀ, ਗੀਨਾ ਰਾਣੀ, ਮਮਤਾ ਰਾਣੀ, ਯਸ਼ੂ, ਮੋਨਾ ਰਾਣੀ, ਲਲਿਤਾ, ਸੁਮਨ, ਸ਼੍ਰਿਸ਼ਟਾ, ਭਾਵਨਾ, ਪਰਵੀਨ, ਵੰਦਨਾ, ਪ੍ਰਾਮਿਲਾ ਸ਼ਰਮਾ, ਸ਼ੈਲੀ, ਰੂਬੀ, ਸ਼ਾਮ ਦੁਲਾਰੀ, ਮੋਨਾ, ਨੀਲਮ, ਸਵਿਤਾ, ਰਾਮ ਦੁਲਾਰੀ, ਅਨੀਤਾ, ਸੀਮਾ, ਕਾਜਲ, ਕਮਲੇਸ਼, ਪੂਜਾ ਸਿੰਘ, ਮਨਜੀਤ ਕੌਰ, ਬਿੰਦੂ ਰਾਣੀ, ਹਰਦੀਪ ਮਾਨ, ਦਲਬੀਰ ਕੌਰ, ਲਕਸ਼ਮੀ ਦੇਵੀ, ਕੁਲਵਿੰਦਰ ਕੌਰ, ਬਲਵਿੰਦਰ ਕੌਰ, ਮਨਪ੍ਰੀਤ ਕੌਰ, ਬਲਦੇਵ ਕੌਰ ਆਦਿ ਹਾਜਰ ਸਨ।

# ਐਸ ਸੀ ਡੀ ਸਰਕਾਰੀ ਕਾਲਜ ਲੁਧਿਆਣਾ ਵਿੱਚ ਐਲੂਮਨੀ ਐਸੋਸੀਏਸ਼ਨ ਦੇ ਸੰਗਠਨਾਂ ਦੇ ਸਹਿਯੋਗ ਨਾਲ ਸਾਹਿਰ ਲੁਧਿਆਣਵੀ ਦਾ ਜਨਮ ਦਿਹਾੜਾ ਅਤੇ ਮਹਿਲਾ ਦਿਵਸ ਦਾ ਆਯੋਜਨ



ਅਜ (ਸੁਖਚੈਨ ਮਹਿਰਾ) ਸਥਾਨਕ ਐਸ ਸੀ ਡੀ ਸਰਕਾਰੀ ਕਾਲਜ ਵਿਚ ਪ੍ਰੋਫੈਸਰ ਗੀਤਾਂਜਲੀ ਪਬਰੇਜਾ ਦੀ ਯੋਗ ਅਗਵਾਈ ਹੇਠ ਐਲੂਮਨੀ ਐਸੋਸੀਏਸ਼ਨ ਦੇ ਸੰਗਠਨਾਂ ਦੇ ਸਹਿਯੋਗ ਨਾਲ ਕਾਲਜ ਵਿੱਚ ਸਲਾਨਾ ਐਲੂਮਨੀ ਮੀਟ 20 25 ਮਹਾਨ ਸਾਹਿਰ ਲੁਧਿਆਣਵੀ ਨੂੰ ਉਨ੍ਹਾਂ ਦੇ ਜਨਮ ਦਿਨ ਤੇ ਸ਼ਰਧਾਂਜਲੀਭੇਂਟ ਕੀਤੀ ਗਈ ।ਇਸਦੇ ਨਾਲ ਹੀ ਮਹਿਲਾ ਦਿਵਸ ਦਾ ਜਸ਼ਨਵੀ ਪੁਰਜ਼ੋਰ ਤਰੀਕੇ ਨਾਲ ਮਨਾਇਆ ਗਿਆ।ਸਮਾਰੋਹ ਦੀ ਸ਼ੁਰੂਆਤ ਪ੍ਰੋ ਗੀਤਾਂਜਲੀ ਵਲੋਂ ਆਏ ਪਤਵੰਤੇ ਸੱਜਣਾ ਦਾ ਸਵਾਗਤ ਕਰਦਿਆਂ ਕੀਤੀ ਗਈ ।ਇਸ ਸਮਾਗਮ ਦਾ ਆਗਾਜ਼ ਜੋਤ ਪ੍ਰਜਵਲਿਤ ਕਰਕੇ ਕੀਤੀ ਗਈ।ਕਾਲਜ ਦੇ ਸੀਨੀਅਰ ਪ੍ਰੋ ਅਸ਼ਵਨੀ ਕੁਮਾਰ ਭੱਲਾ ਨੇ ਆਏ ਪਤਵੰਤੇ ਸੱਜਣਾਂ ਦਾ ਤਹਿ ਦਿਲੋਂ ਸੁਆਗਤ ਕਰਦਿਆਂ ਵਿਦਿਆਰਥੀਆਂ ਅਤੇ ਅਧਿਆਪਕਾਂ ਨਾਲ ਰੂਬਰੂ ਕਰਵਾਇਆ ਉਨਾ ਕਾਲਜ ਦੀ ਅਮੀਰ ਵਿਰਾਸਤ ਅਤੇ ਪ੍ਰੰਪਰਾ ਨਾਲ ਸਭ ਨੂੰ ਜਾਣੂ ਕਰਵਾਇਆ ਅਤੇ ਉਨ੍ਹਾਂ ਮਹਿਲਾ ਦਿਵਸ ਦੀ ਮਹੱਤਤਾ ਦਸਦਿਆਂ ਕਿਹਾ ਕਿ ਕੇਵਲ ਇਕ ਦਿਨ ਹੀ ਨਹੀਂ ਸਗੋ ਹਰ ਦਿਨ ਹੀ ਹਰ ਔਰਤ ਨੂੰ ਸਮਰਪਿਤ ਹੈ।ਸ਼੍ਰੀ ਗੁਰਲਵਲੀਨ ਸੇਵਾਮੁਕਤ ਆਈ ਏ ਐਸ ਸਾਬਕਾ ਡਿਪਟੀ ਕਮਿਸ਼ਨਰ ਬਰਨਾਲਾ ਦੁਆਰਾ ਮਹਿਲਾ ਸਸ਼ਕਤੀਕਰਨ ਵਿਸ਼ੇ ਤੇ ਮੰਗਤਿਆਂ ਕਵਿਤਾ ਉਚਾਰੀ ਜਿਸਦੇ ਉਚਾਰਨ ਨੇ ਸਾਰੇ ਸਰੋਤਿਆਂ ਨੂੰ ਕੀਲ ਕੇ ਰੱਖ ਦਿਤਾ। ਕਾਲਜ ਵਿਦਿਆਰਥਣ ਵਲੋਂ ਗਣੇਸ਼ ਵੰਦਨਾ ਦੀ ਕਲਾ ਦਾ ਪ੍ਰਦਰਸ਼ਨ ਕੀਤਾ ਗਿਆ ।ਸਾਬਕਾ ਵਿਦਿਆਰਥੀ ਸਾਗਰ ਸਿਆਲਕੋਟੀ ਦੁਆਰਾ ਸਾਹਿਰ ਲੁਧਿਆਣਵੀ ਤੇ ਭਾਸ਼ਣ ਦਿੱਤਾ।ਅਫਰੀਨ ਗਰੁੱਪ ਵੱਲੋਂ ਸਾਹਿਰ ਨੂੰ ਇਕ ਸੰਗੀਤਕ ਸ਼ਰਧਾਂਜਲੀ ਭੇਂਟ ਕੀਤੀ ਗਈ। ਕਾਲਜ ਦੇ ਵੂਮੈਨ ਡਿਵੈਲਪਮੈਂਟ ਸੈਲ ਦੀ ਕਨਵੀਨਰ ਡਾ ਨੀਲਮ ਭਾਰਦਵਾਜ ਨੇ ਮਹਿਲਾ ਸਸ਼ਕਤੀਕਰਨ ਤੇ ਭਾਸ਼ਣ ਦਿਤਾ।

ਦਮਰਨਪ੍ਰੀਤ (ਕਾਲਜ ਦੀ ਵਿਦਿਆਰਥਣ) ਦੁਆਰਾ ਧੁਨੀ ਵਜਾਈ ਗਈ। ਡਾ. ਇਰਾਦੀਪ ਦੁਆਰਾ ਮਹਿਲਾ ਸਸ਼ਕਤੀਕਰਨ ਤੇ ਕਵਿਤਾ ਪੜੀ ਗਈ।ਸਾਬਕਾ ਵਿਦਿਆਰਥੀ ਪੀਡੀ ਗੁਪਤਾ ਜੀ ਨੇ ਸਮਾਗਮ ਦੌਰਾਨ ਭਾਸ਼ਣ ਦਿੱਤਾ।

ਸ਼੍ਰੀ ਓਪੀ ਵਰਮਾ ਜੀ (ਸੇਵਾਮੁਕਤ ਪੀਸੀਐਸ) ਦੁਆਰਾ ਧੰਨਵਾਦ ਕੀਤਾ ਗਿਆ।ਕਾਲਜ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਇਸ ਸਮਾਗਮ ਵਿੱਚ ਵਧ ਚੜ੍ਹ ਕੇ ਹਿੱਸਾ ਲਿਆ ਅਤੇ ਭਰਪੂਰ ਆਨੰਦ ਮਾਣਿਆ।ਸਮਾਗਮ ਵਿਚ ਮੰਚ ਸੰਚਾਲਨ ਦੀ ਭੂਮਿਕਾ ਪ੍ਰੋ ਗੀਤਾਂਜਲੀ ਪਬਰੇਜਾ ਵਲੋਂ ਕੀਤੀ ਗਈ।

ਸਮਾਗਮ ਦਾ ਅੰਤ ਕਾਲਜ ਦੀ ਸ਼ਾਨ ਭੰਗੜੇ ਨਾਲ ਕੀਤੀ ਗਈ
ਸਮਾਗਮ ਵਿੱਚ ਇਨ੍ਹਾਂ ਮਹਿਮਾਨਾਂ ਨੇ ਪੁਹਚ ਕੇ ਸਮਾਗਮ ਦੀ ਸ਼ਾਨ ਵਧਾਈ
ਜਿਨ੍ਹਾਂ ਵਿੱਚੋ ਸ਼੍ਰੀਮਤੀ ਵਿਨੋਦ ਸ਼ਰਮਾ
ਸ਼੍ਰੀ ਗੁਰਦਾਸ ਰਾਏ ਸ਼੍ਰੀ ਵੀ ਪੀ ਨਾਹਰ
ਸ਼੍ਰੀਮਤੀ ਸੀਮਾ ਰਾਣੀ ਕਲਿਆਣ
ਸ਼੍ਰੀਮਤੀ ਗੀਨਾ ਗੋਇਲ ਜੈਨ ਸ. ਜਗਰਾਜ ਸਰਾਂ ਕਵੀ ਸ਼. ਮੋਹਨ ਗਿੱਲ (ਕੈਨੇਡਾ) ਪ੍ਰਿੰਸੀਪਲ ਸ਼. ਰਮੇਸ਼ ਦੱਤ ਸ. ਗੁਰ ਲਵਲੀਨ ਸਿੰਘ (ਸਾਬਕਾ ਆਈ.ਏ.ਐਸ. ਅਤੇ ਡੀ.ਐਚ. ਈ. ਪੰਜਾਬ) ਪ੍ਰਿੰਸੀਪਲ ਸ੍ਰੀ ਆਰ.ਐਸ.ਪਵਨ ਡਾ ਆਰ ਆਰ ਪਾਲ ਪ੍ਰੋ: ਅਸ਼ੋਕ ਸ਼ਰਮਾ ਪ੍ਰੋ ਪੀ ਕੇ ਸ਼ਰਮਾ
ਪ੍ਰੋ ਵੀ ਪੀ ਗੌਡ ਸ਼੍ਰੀ ਬ੍ਰਿਜ ਭੂਸ਼ਣ ਗੋਇਲ
ਸ਼੍ਰੀ . ਓ ਪੀ ਵਰਮਾ ਸ਼੍ਰੀ ਅਸ਼ੋਕ ਧੀਰ
ਸ: ਨਵਦੀਪ ਸਿੰਘ ਸ਼. ਪੀ ਡੀ ਗੁਪਤਾ
ਸ ਕੇ ਬੀ ਸਿੰਘ ਸ਼੍ਰੀ. ਸਾਗਰ ਸਿਆਲਕੋਟੀ ਸ਼. ਐਨ ਐਸ ਮਾਸੂਮ ਸ.ਹਪਿੰਦਰ ਸਿੰਘ
ਸ਼੍ਰੀਮਤੀ ਪੂਨਮ ਸਪਰਾ ਸ਼੍ਰੀਮਤੀ ਸਰਿਤਾ ਮੱਤਾ
ਸ਼੍ਰੀਮਤੀ ਕਮਲੇਸ਼ ਕਾਲੀਆ
ਸ਼੍ਰੀਅਸ਼ਵਨੀ ਮਲਹੋਤਰਾ ਨੇ ਵਿਸੇਸ਼ ਸ਼ਿਰਕਤ ਕੀਤੀ ।

# ਦਿੱਲੀ 'ਚ ਔਰਤਾਂ ਨੂੰ 2500 ਰੁਪਏ ਪ੍ਰਤੀ ਮਹੀਨਾ ਦੇਣ ਦਾ ਐਲਾਨ ਭਗਵੰਤ ਮਾਨ ਸਰਕਾਰ ਲਈ ਇੱਕ ਸਬਕ : ਨਿਤਿਨ ਚੱਢਾ



ਫਗਵਾੜਾ ( ਸੁਸ਼ੀਲ ਸ਼ਰਮਾ ) ਭਾਜਪਾ ਆਗੂ ਨਿਤਿਨ ਚੱਢਾ ਨੇ ਅੱਜ ਦਿੱਲੀ ਦੀ ਰੇਖਾ ਗੁਪਤਾ ਸਰਕਾਰ ਵੱਲੋਂ ਅੰਤਰਰਾਸ਼ਟਰੀ ਮਹਿਲਾ ਦਿਵਸ 'ਤੇ ਬੀਪੀਐਲ ਕਾਰਡ ਧਾਰਕ ਔਰਤਾਂ ਨੂੰ 2500 ਰੁਪਏ ਪ੍ਰਤੀ ਮਹੀਨਾ ਦੇਣ ਦੇ ਕੀਤੇ ਐਲਾਨ ਨੂੰ ਗਰੀਬ ਪਰਿਵਾਰਾਂ ਦੀਆਂ ਔਰਤਾਂ ਲਈ ਇੱਕ ਵੱਡਾ ਤੋਹਫ਼ਾ ਦੱਸਿਆ। ਉਹਨਾਂ ਕਿਹਾ ਕਿ ਦਿੱਲੀ ਸਰਕਾਰ ਦਾ ਇਹ ਐਲਾਨ ਪੰਜਾਬ ਦੀ ਭਗਵੰਤ ਮਾਨ ਸਰਕਾਰ ਲਈ ਸਬਕ ਹੈ। ਚੱਢਾ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਨੇ ਪਿਛਲੀਆਂ ਵਿਧਾਨ ਸਭਾ ਚੋਣਾਂ ਦੌਰਾਨ ਔਰਤਾਂ ਨੂੰ ਇੱਕ ਹਾਜਰ ਰੁਪਏ ਪ੍ਰਤੀ ਮਹੀਨਾ ਅਤੇ ਪਿਛਲੇ ਵਰ੍ਹੇ ਲੋਕਸਭਾ ਚੋਣਾਂ ਤੋਂ ਪਹਿਲਾਂ 1100 ਰੁਪਏ ਪ੍ਰਤੀ ਮਹੀਨਾ ਦੇਣ ਦਾ ਐਲਾਨ ਕੀਤਾ ਸੀ। ਭਗਵੰਤ ਮਾਨ ਸਰਕਾਰ ਨੇ ਆਪਣੇ ਕਾਰਜਕਾਲ ਦੇ ਲਗਭਗ ਤਿੰਨ ਸਾਲ ਪੂਰੇ ਕਰ ਲਏ ਹਨ ਪਰ ਅੱਜ ਤੱਕ ਔਰਤਾਂ ਨੂੰ ਇੱਕ ਪੈਸਾ ਵੀ ਨਹੀਂ ਮਿਲਿਆ। ਦੂਜੇ ਪਾਸੇ, ਦਿੱਲੀ ਸਰਕਾਰ ਨੇ ਆਪਣੇ ਕਾਰਜਕਾਲ ਦਾ ਇੱਕ ਮਹੀਨਾ ਵੀ ਪੂਰਾ ਨਹੀਂ ਕੀਤਾ ਹੈ ਪਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੁਆਰਾ ਦਿੱਲੀ ਦੀਆਂ ਔਰਤਾਂ ਨੂੰ ਦਿੱਤੀ ਗਈ ਪਹਿਲੀ ਤੇ ਅਹਿਮ ਗਰੰਟੀ ਨੂੰ ਪੂਰਾ ਕਰ ਦਿਖਾਇਆ ਹੈ। ਉਨ੍ਹਾਂ ਕਿਹਾ ਕਿ ਭਾਜਪਾ ਅਤੇ ਮੋਦੀ ਦੀ ਗਰੰਟੀ ਹੀ ਅਸਲ ਗਰੰਟੀ ਹੈ। ਭਾਜਪਾ ਨੇ ਜੋ ਕਿਹਾ ਉਹ ਕੀਤਾ ਹੈ। ਇਹੀ ਕਾਰਨ ਹੈ ਕਿ ਲੋਕ ਭਾਜਪਾ 'ਤੇ ਭਰੋਸਾ ਕਰਦੇ ਹਨ। ਜਿਸ ਵੀ ਰਾਜ ਵਿੱਚ ਭਾਜਪਾ ਸਰਕਾਰ ਸੱਤਾ ਵਿੱਚ ਆਉਂਦੀ ਹੈ, ਉੱਥੋਂ ਦੇ ਲੋਕ ਉਸਨੂੰ ਬਹੁਤ ਸਤਿਕਾਰ ਦਿੰਦੇ ਹਨ। ਹਰਿਆਣਾ, ਯੂਪੀ, ਮੱਧ ਪ੍ਰਦੇਸ਼, ਗੁਜਰਾਤ ਅਤੇ ਮਹਾਰਾਸ਼ਟਰ ਇਸਦਾ ਪ੍ਰਤੱਖ ਸਬੂਤ ਹਨ। ਹੁਣ ਦਿੱਲੀ ਦੇ ਲੋਕ ਵੀ ਆਮ ਆਦਮੀ ਪਾਰਟੀ ਨੂੰ ਕਦੇ ਮੂੰਹ ਨਹੀਂ ਲਗਾਉਣਗੇ। ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ਦੇ ਲੋਕ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਵੀ 'ਆਪ' ਪਾਰਟੀ ਨੂੰ ਵੋਟ ਨਹੀਂ ਦੇਣਗੇ। ਕਿਉਂਕਿ ਅੱਜ ਤੱਕ ਭਗਵੰਤ ਮਾਨ ਸਰਕਾਰ ਨੇ ਤਿੰਨ ਸੌ ਯੂਨਿਟ ਮੁਫ਼ਤ ਬਿਜਲੀ ਦਾ ਲਾਲੀਪਾਪ ਦੇਣ ਤੋਂ ਇਲਾਵਾ ਕੋਈ ਵੀ ਚੋਣ ਵਾਅਦਾ ਪੂਰਾ ਨਹੀਂ ਕੀਤਾ ਹੈ।

# ਬਾਬਾ ਵੱਡਭਾਗ ਸਿੰਘ ਜੀ ਅਤੇ ਬਾਬਾ ਬਾਲਕ ਨਾਥ ਜੀ ਝੰਡੇਚੱਕ ਮੰਦਿਰ ਚ ਕਰਵਾਇਆ ਗਿਆ 50ਵਾਂ ਸਲਾਨਾ ਭੰਡਾਰਾ ।



ਦੀਨਾਨਗਰ (ਡਾ.ਰਮੇਸ਼ ਸਰੰਗਲ ) ਬਾਬਾ ਵੱਡਭਾਗ ਸਿੰਘ ਜੀ ਅਤੇ ਬਾਲਕ ਨਾਥ ਜੀ ਝੰਡੇਚੱਕ ਮੰਦਿਰ ਚ 50 ਵਾਂ ਸਾਲਾਨਾ ਭੰਡਾਰਾ ਕਰਵਾਇਆ ਗਿਆ ਜਿਸ ਵਿਚ ਵਿਧਾਇਕਾ ਅਰੁਨਾ ਚੋਧਰੀ ਵੀ ਮੰਦਿਰ ਚ ਨਤਮਸਤਕ ਹੋਏ ਅਤੇ ਸਮੂਹ ਸੰਗਤਾਂ ਨੂੰ ਇਸ ਭੰਡਾਰੇ ਦੀਆਂ ਮੁਬਾਰਕਾਂ ਦਿੱਤੀਆਂ।

ਇਸ ਮੌਕੇ ਤੇ ਮੰਦਿਰ ਚ 3 ਦਿਨਾਂ ਤੋਂ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਰਾਗੀ ਸਿੰਘਾਂ ਵੱਲੋਂ ਅਟੁੱਟ ਬਾਣੀ ਦਾ ਜਾਪ ਵੀ ਕੀਤਾ ਗਿਆ। ਬਾਬਾ ਬਲਕਾਰ ਸਿੰਘ ਜੀ ਵੱਲੋਂ ਆਏ ਹੋਏ ਮਹਿਮਾਨਾਂ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਵੀ ਕੀਤਾ ਗਿਆ ਅਤੇ ਉਪਰੰਤ ਅਟੁੱਟ ਲੰਗਰ ਵੀ ਵਰਤਾਇਆ ਗਿਆ। ਇਸ ਮੌਕੇ ਤੇ ਸਮੂਹ ਪ੍ਰਬੰਧਕ ਕਮੇਟੀ ਦੇ ਮੈਂਬਰ ਪ੍ਰਧਾਨ ਅਮਰਿੰਦਰ ਸਿੰਘ, ਚੇਅਰਮੈਨ ਪ੍ਰਸੋਤਮ ਕੁਮਾਰ, ਮੁੱਖ ਸੇਵਾਦਾਰ ਕਰਨੈਲ ਸਿੰਘ ਸੋਨੂੰ ਤੋਂ ਇਲਾਵਾ ਵੱਡੀ ਗਿਣਤੀ ਚ ਸੰਗਤਾਂ ਨੇ ਹਾਜ਼ਰੀ ਭਰੀ।

# ਡੇਰਾ ਸੱਚਖੰਡ ਬੱਲਾਂ ਤੋ ਸੁਸ਼ੋਭਿਤ ਇਤਿਹਾਸਕ ਦਮੜੀ ਯਾਤਰਾ ਦਾ ਲੁਧਿਆਣਾ ਵਿਖੇ ਹੋਇਆ ਭਾਰੀ ਸਵਾਗਤ

*ਲੁਧਿਆਣਾ: (ਸੁਖਚੈਨ ਮਹਿਰਾ ,* )

ਸ਼੍ਰੀ 108 ਸੰਤ ਨਿਰੰਜਨ ਦਾਸ ਜੀ ਮਹਾਰਾਜ ਮੌਜੂਦਾ ਗੱਦੀ ਨਸ਼ੀਨ ਡੇਰਾ ਸੱਚਖੰਡ ਬੱਲਾ ਜੀ ਦੀ ਰਹਿਨੁਮਾਈ ਹੇਠ ਨਿਕਲੀ ਵਿਸ਼ਾਲ ਇਤਿਹਾਸਿਕ ਦਮੜੀ ਯਾਤਰਾ ਦਾ ਸਤਿਗੁਰੂ ਰਵਿਦਾਸ ਧਰਮ ਸਮਾਜ (ਰਜਿ)ਸਰਧਸ ਪੰਜਾਬ ਦੇ ਮੁੱਖ ਦਫਤਰ, ਸ਼ਿਵਪੁਰੀ ਚੌਕ, ਲੁਧਿਆਣਾ ਵਿਖੇ ਪਹੁੰਚਣ ਤੇ ਬੜੀ ਹੀ ਸ਼ਰਧਾ ਭਾਵਨਾ ਨਾਲ ਨਿੱਘਾ ਸਵਾਗਤ ਕੀਤਾ ਗਿਆ । ਯਾਤਰਾ ਸਬੰਧੀ ਜਾਣਕਾਰੀ ਦਿੰਦਿਆਂ ਸਰਧਸ ਦੇ ਪ੍ਰਧਾਨ ਅਨੰਦ ਕਿਸ਼ੋਰ ਨੇ ਮਹਾਰਾਜ ਜੀ ਦਾ ਅਤੇ ਸੰਗਤਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਯਾਤਰਾ ਹਰਿ ਕੀ ਪਉੜੀ ਹਰਿਦੁਆਰ ਵਿੱਖੇ ਜਾ ਰਹੀ ਹੈ ਜਿਸ ਦਾ ਰਸਤੇ ਅੰਦਰ ਸੰਗਤਾਂ ਵਲੋਂ ਸਵਾਗਤ ਕੀਤਾ ਜਾਵੇਗਾ । ਇਹ ਯਾਤਰਾ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਮਿਸ਼ਨ ਨੂੰ ਸਮਰਪਿਤ ਹੈ ਅਤੇ ਹਰਿ ਕੀ ਪਉੜੀ, ਹਰਿਦੁਆਰ ਵਿਖੇ ਸਮਾਪਤ ਹੋਵੇਗੀ । ਉਪਰੰਤ ਵਿਸ਼ਾਲ ਸਮਾਗਮ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਬਾਣੀ ਨੂੰ ਸਮਰਪਿਤ ਸੰਤਾਂ ਮਹਾਪੁਰਸ਼ਾਂ ਦੀ ਰਹਿਨੁਮਾਈ ਹੇਠ ਹੋਏਗਾ। ਇਸ ਮੌਕੇ ਡੇਰਾ ਸੱਚਖੰਡ ਬੱਲਾਂ ਤੋ ਸੰਤ ਲੇਖ ਰਾਜ ਜੀ ਨੇ ਸੰਗਤਾਂ ਦੀ ਚੜਦੀ ਕਲਾ ਲਈ



ਅਰਦਾਸ ਬੇਨਤੀ ਵੀ ਕੀਤੀ। ਇਸ ਯਾਤਰਾ ਵਿੱਚ ਸੰਤ ਮਹਾਂਪੁਰਸ਼ਾਂ ਨੇ ਸੰਗਤਾਂ ਨੂੰ ਆਪਣਾ ਆਸ਼ਿਰਵਾਦ ਦਿੱਤਾ ਅਤੇ ਸ਼੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਦੱਸੇ ਹੋਏ ਸੱਚ ਦੇ ਮਾਰਗ ਤੇ ਚੱਲਣ ਦਾ ਉਪਦੇਸ਼ ਦਿੱਤਾ । ਇਸ ਦੌਰਾਨ ਸ਼ਰਧਾਲੂਆਂ ਲਈ ਗੁਰੂ ਕੇ ਅਤੁੱਟ ਲੰਗਰਾਂ ਦਾ ਵੀ ਪ੍ਰਬੰਧ ਕੀਤਾ ਗਿਆ । ਇਸ ਮੌਕੇ ਸਰਧਸ ਚੇਅਰਮੈਨ ਸੋਮਨਾਥ ਹੀਰ, ਸੀਨੀਅਰ ਵਾਈਸ ਪ੍ਰਧਾਨ ਜਤਿੰਦਰ ਸਿੰਘ ਜਿੰਦੀ, ਵਾਈਸ ਪ੍ਰਧਾਨ ਜਸਵੀਰ ਸਿੰਘ ਬਾਲੀ , ਕੈਸ਼ੀਅਰ ਵਿਜੈ ਝੱਲੀ, ਗੁਰਪ੍ਰੀਤ ਲਾਲੀ, ਹਰਜਿੰਦਰ ਸੁਜਾਤਵਾਲ, ਦੀਪਕ ਸੈਂਪਲਾ, ਭੁਪਿੰਦਰ ਕਾਕੂ, ਗੁਰਪਾਲ ਪਾਲੀ, ਅਸ਼ਵਨੀ ਕੁਮਾਰ, ਮਨਪ੍ਰੀਤ ਲਾਦੀਆਂ, ਸ਼ਮਸ਼ੇਰ ਲਾਲ, ਪਾਰਸ ਰਾਮ, ਰਜਿੰਦਰ ਬੱਧਣ, ਸੁਰਿੰਦਰ ਹੁਸੈਨਪੁਰਾ, ਸਨੀ ਲੱਗਾਹ, ਵਿਕੀ ਸ਼ਿੰਜੀ, ਗੱਗੀ ਕਕੋਵਾਲ, ਸਨੀ ਮਹੇ, ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਕਾਨਪੁਰ ਚ 13 ਸਾਲ ਦੇ ਬੱਚੇ ਦਾ ਗੁਪਤ ਅੰਗ ਸਮੇਤ ਪੂਰੇ ਸਰੀਰ ਤੇ ਟੈਟੂ ਬਣਾ ਕੇ ਕਤਲ ਕਰ ਦਿੱਤਾ ਗਿਆ

ਕਾਨਪੁਰ( ਸੁਨੀਲ ਬਾਜਪਾਈ) ਮਨੁੱਖ ਜਾਪਣ ਵਾਲੇ ਲੋਕਾਂ ਦੀਆਂ ਸ਼ੈਤਾਨੀ ਪ੍ਰਵਿਰਤੀਆਂ ਦਿਲ ਦਹਿਲਾਉਣ ਵਾਲੀ ਹੱਦ ਤੱਕ ਵਧ ਰਹੀਆਂ ਹਨ। ਅਜਿਹੀਆਂ ਸ਼ੈਤਾਨੀ ਪ੍ਰਵਿਰਤੀਆਂ ਵਾਲੇ ਵਹਿਸ਼ੀਆਂ ਨੇ ਤੇਜ਼ਧਾਰ ਹਥਿਆਰ ਨਾਲ 13 ਸਾਲ ਦੇ ਬੱਚੇ ਦੇ ਜਣਨ ਅੰਗਾਂ ਸਮੇਤ ਪੂਰੇ ਸਰੀਰ ਤੇ ਵਾਰ ਕਰਕੇ ਕਤਲ ਕਰ ਦਿੱਤਾ। ਉਹ ਇਕ ਪ੍ਰਾਪਰਟੀ ਡੀਲਰ ਦਾ ਲੜਕਾ ਸੀ ਅਤੇ ਵਾਰਦਾਤ ਨੂੰ ਅੰਜਾਮ ਦੇਣ ਤੋਂ ਪਹਿਲਾਂ ਉਸ ਤੋਂ 10 ਲੱਖ ਰੁਪਏ ਦੀ ਫਿਰੌਤੀ ਦੀ ਮੰਗ ਕੀਤੀ ਗਈ ਸੀ ਅਤੇ ਫਿਰੌਤੀ ਨਾ ਮਿਲਣ ਤੇ ਦੋਸ਼ੀਆਂ ਨੇ ਇਸ ਵਾਰਦਾਤ ਨੂੰ ਅੰਜਾਮ ਦਿੱਤਾ। ਇਸ ਤੋਂ ਬਾਅਦ ਪੁਲਸ ਨੇ ਦੋਵਾਂ ਨੂੰ ਗ੍ਰਿਫਤਾਰ ਵੀ ਕਰ ਲਿਆ।

ਇਹ ਘਟਨਾ ਅਰੌਲ ਥਾਣਾ ਖੇਤਰ ਦੀ ਹੈ। ਇੱਥੇ ਇੱਕ ਪਿੰਡ ਦੇ ਰਹਿਣ ਵਾਲੇ ਦੋ ਨੌਜਵਾਨਾਂ ਨੇ ਆਪਣੇ 13 ਸਾਲ ਪੁਰਾਣੇ ਦੋਸਤ ਨੂੰ ਵਰਗਲਾ ਕੇ ਪਿੰਡ ਦੇ ਖੰਡਰ ਵਿੱਚ ਲੈ ਗਏ। ਉੱਥੇ ਉਸ ਨੂੰ ਬੰਧਕ ਬਣਾ ਕੇ ਬਲਾਤਕਾਰ ਕੀਤਾ ਗਿਆ। ਜਦੋਂ ਦੋਸ਼ੀਆਂ ਨੇ ਵਿਰੋਧ ਕੀਤਾ ਤਾਂ ਨੌਜਵਾਨ ਦਾ ਰੱਸੀ ਨਾਲ ਗਲਾ ਘੁੱਟ ਕੇ ਕਤਲ ਕਰ ਦਿੱਤਾ ਗਿਆ। ਇਸ ਤੋਂ ਬਾਅਦ ਉਸ ਦੇ ਸਿਰ ਤੇ ਡੰਡੇ ਨਾਲ ਵਾਰ ਕਰਕੇ ਉਸ ਦੀ ਖੋਪੜੀ ਤੋੜ ਦਿੱਤੀ। ਉਸ ਦੇ ਪੂਰੇ ਸਰੀਰ ਤੇ ਪੇਚਾਂ ਨਾਲ ਵਾਰ ਕਰਕੇ ਉਸ ਦਾ ਕਤਲ ਕਰ ਦਿੱਤਾ ਗਿਆ। ਉਸ ਦੇ ਸਰੀਰ ਤੇ 90 ਸੱਟਾਂ ਦੇ ਨਿਸ਼ਾਨ ਮਿਲੇ ਹਨ। ਇਸ ਗੱਲ ਦਾ ਖੁਲਾਸਾ



ਪੋਸਟ ਮਾਰਟਮ ਚ ਹੋਇਆ ਹੈ।

ਪੁਲਿਸ ਅਨੁਸਾਰ ਅਪਰਾਧੀਆਂ ਨੇ ਬਾਹਾਂ ਅਤੇ ਲੱਤਾਂ ਤੋੜ ਦਿੱਤੀਆਂ ਅਤੇ ਗੁਪਤ ਅੰਗਾਂ ਨੂੰ ਵੀ ਜ਼ਖਮੀ ਕਰ ਦਿੱਤਾ। ਕਤਲ ਕਰਨ ਤੋਂ ਬਾਅਦ ਲਾਸ਼ ਨੂੰ ਹਾਈਵੇਅ ਨੇੜੇ 40 ਫੁੱਟ ਡੂੰਘੇ ਖੂਹ ਵਿੱਚ ਸੁੱਟ ਦਿੱਤਾ ਗਿਆ। ਪੁਲਿਸ ਤੋਂ ਬਚਣ ਲਈ ਇਸ ਘਟਨਾ ਨੂੰ ਅਗਵਾ ਦਾ ਰੂਪ ਦੇਣ ਦੀ ਸਾਜਿਸ਼ ਰਚੀ ਗਈ।

ਇਸ ਤਹਿਤ ਕਿਸ਼ੋਰ ਦੇ ਮੋਬਾਈਲ ਫੋਨ ਤੋਂ ਉਸ ਦੇ ਪਿਤਾ ਨੂੰ 10 ਲੱਖ ਰੁਪਏ ਦੀ ਫਿਰੌਤੀ ਦਾ ਸੁਨੇਹਾ ਭੇਜਿਆ ਗਿਆ। ਪੁਲਸ ਨੇ ਜਾਂਚ ਸ਼ੁਰੂ ਕੀਤੀ ਤਾਂ ਮਾਮਲਾ ਸਾਹਮਣੇ ਆਇਆ। ਸੀਸੀਟੀਵੀ ਅਤੇ ਨਿਗਰਾਨੀ ਦੀ ਮਦਦ ਨਾਲ ਵਾਰਦਾਤ ਨੂੰ ਅੰਜਾਮ ਦੇਣ ਵਾਲੇ ਨੌਜਵਾਨ ਦੇ ਦੋਸਤ ਅਜ਼ਹਰ ਉਰਫ਼ ਅੱਜੂ ਅਤੇ ਨਾਜ਼ਰ ਅਲੀ ਉਰਫ਼ ਹੁਸੈਨੀ ਵਾਸੀ ਇਸੇ ਪਿੰਡ ਨੂੰ ਕਾਬੂ ਕਰ ਲਿਆ ਗਿਆ। ਇਸ ਘਟਨਾ ਨੂੰ ਲੈ ਕੇ ਅਤੇ ਗ੍ਰਿਫਤਾਰ ਕੀਤੇ ਗਏ ਦੋਸ਼ੀਆਂ ਖਿਲਾਫ ਪਿੰਡ ਚ ਭਾਰੀ ਗੁੱਸਾ ਹੈ। ਪੁਲਸ ਨੇ ਦੱਸਿਆ ਕਿ ਦੋਵਾਂ ਦੋਸ਼ੀਆਂ ਨੂੰ ਜੇਲ ਭੇਜਣ ਦੇ ਨਾਲ-ਨਾਲ ਐੱਸ.

ਘਟਨਾ ਦੀ ਜਾਂਚ ਕੀਤੀ ਜਾ ਰਹੀ ਹੈ।

# ਸੀਟੀ ਯੂਨੀਵਰਸਿਟੀ ਆਪਣੇ ਪ੍ਰਮੁੱਖ ਸੀਐਸਆਰ ਪਹਿਲਕਦਮੀ ਸਭ ਲਈ ਨੌਕਰੀਆਂ ਤਹਿਤ ਨੌਕਰੀ ਮੇਲਾ ਆਯੋਜਿਤ ਕਰੇਗੀ




ਲੁਧਿਆਣਾ (ਸੁਖਚੈਨ ਮਹਿਰਾ)ਸੀਟੀ ਯੂਨੀਵਰਸਿਟੀ, ਲੁਧਿਆਣਾ, ਇੱਕ ਵੱਕਾਰੀ ਵਿਦਿਅਕ ਸੰਸਥਾ ਹੈ ਜੋ 1997 ਵਿੱਚ ਸਥਾਪਿਤ ਸੀਟੀ ਗਰੁੱਪ ਦਾ ਹਿੱਸਾ ਹੈ। ਸੀਟੀ ਗਰੁੱਪ ਵਿੱਚ 17 ਕਾਲਜ, 2 ਮੈਗਾ ਕੈਂਪਸ (ਸ਼ਾਹਪੁਰ ਅਤੇ ਮਖਸੂਦਾਂ), 4 ਸਕੂਲ ਅਤੇ ਇੱਕ ਵਿਸ਼ਵ ਪੱਧਰੀ ਯੂਨੀਵਰਸਿਟੀ ਸ਼ਾਮਲ ਹੈ। ਸੀਟੀ ਗਰੁੱਪ ਸਾਊਥ ਕੈਂਪਸ (ਸ਼ਾਹਪੁਰ) ©113 1 ਮਾਨਤਾ ਪ੍ਰਾਪਤ ਹੈ, ਜਦੋਂ ਕਿ ਉੱਤਰੀ ਕੈਂਪਸ (ਮਖਸੂਦਨ) ਵੀ ©113 ਮਾਨਤਾ ਪ੍ਰਾਪਤ ਹੈ। ਸੀਟੀ ਯੂਨੀਵਰਸਿਟੀ ਨੂੰ ਯੂਜੀਸੀ, ਬੀਸੀਆਈ, ਪੀਸੀਆਈ ਵਰਗੀਆਂ ਵੱਖ-ਵੱਖ ਰੈਗੂਲੇਟਰੀ ਸੰਸਥਾਵਾਂ ਦੁਆਰਾ ਮਾਨਤਾ ਪ੍ਰਾਪਤ □□।

ਸੀਟੀ ਯੂਨੀਵਰਸਿਟੀ ਨੇ ਆਪਣੀ ਨਵੀਨਤਾਕਾਰੀ ਕਾਰਪੋਰੇਟ ਸਮਾਜਿਕ ਜ਼ਿੰਮੇਵਾਰੀ (3♥♣) ਪਹਿਲਕਦਮੀ ਸਾਰਿਆਂ ਲਈ ਨੌਕਰੀਆਂ ਦਾ ਐਲਾਨ ਕੀਤਾ ਹੈ। ਇਸ ਪਹਿਲਕਦਮੀ ਦਾ ਉਦੇਸ਼ ਸਮਾਜ ਦੇ ਹਰ ਵਰਗ ਨੂੰ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨਾ ਹੈ, ਭਾਵੇਂ ਉਮੀਦਵਾਰ ਨੇ ਸੀਟੀ ਯੂਨੀਵਰਸਿਟੀ ਤੋਂ ਪੜ੍ਹਾਈ ਕੀਤੀ ਹੋਵੇ ਜਾਂ ਕਿਸੇ ਹੋਰ ਸੰਸਥਾ ਤੋਂ। ਕੋਈ ਵੀ ਵਿਅਕਤੀ ਜੋ ਨੌਕਰੀ ਦੀ ਤਾਲ ਕਰ ਰਿਹਾ ਹੈ, ਇਸ ਪ੍ਰੋਗਰਾਮ ਤਹਿਤ ਅਰਜ਼ੀ ਦੇ ਸਕਦਾ ਹੈ।

ਸਮਾਜ ਪ੍ਰਤੀ ਆਪਣੀ ਵਚਨਬੱਧਤਾ ਨੂੰ ਕਾਇਮ ਰੱਖਦੇ ਹੋਏ, ਸੀਟੀ ਯੂਨੀਵਰਸਿਟੀ ਨੇ ਬੇਰੁਜ਼ਗਾਰੀ ਦੀ ਸਮੱਸਿਆ ਨੂੰ ਹੱਲ ਕਰਨ ਲਈ ਇਹ ਪਹਿਲ ਸ਼ੁਰੂ ਕੀਤੀ ਹੈ। ਇਹ ਪ੍ਰੋਗਰਾਮ ਲੋਕਾਂ ਨੂੰ ਸਵੈ-ਨਿਰਭਰ ਬਣਨ ਅਤੇ ਦੇਸ਼ ਦੇ ਆਰਥਿਕ ਵਿਕਾਸ ਵਿੱਚ ਯੋਗਦਾਨ ਪਾਉਣ ਲਈ ਸ਼ਕਤੀ ਪ੍ਰਦਾਨ ਕਰੇਗਾ।

ਸੀਟੀ ਯੂਨੀਵਰਸਿਟੀ ਦੇ ਚਾਂਸਲਰ, ਸ੍ਰੀ ਚਰਨਜੀਤ ਸਿੰਘ ਚੰਨੀ ਨੇ ਕਿਹਾ,

ਅਸੀਂ ਆਪਣੇ ਸਮਾਜ ਵਿੱਚ ਇੱਕ ਸਕਾਰਾਤਮਕ ਬਦਲਾਅ ਲਿਆਉਣ ਲਈ ਵਚਨਬੱਧ ਹਾਂ। ਸਾਡੀ ਸਾਰਿਆਂ ਲਈ ਨੌਕਰੀਆਂ ਪਹਿਲ ਸਾਡੀ ਸਮਾਜਿਕ ਜ਼ਿੰਮੇਵਾਰੀ ਅਤੇ ਸਾਰਿਆਂ ਲਈ ਇੱਕ ਬਿਹਤਰ ਭਵਿੱਖ ਬਣਾਉਣ ਦੇ ਜਨੂੰਨ ਦਾ ਪ੍ਰਮਾਣ ਹੈ। *

ਇਸ ਤੋਂ ਪਹਿਲਾਂ ਵੀ ਸੀਟੀ ਯੂਨੀਵਰਸਿਟੀ ਨੇ ਕਸ਼ਮੀਰ, ਹਿਮਾਚਲ ਅਤੇ ਜੰਮੂ ਖੇਤਰ ਵਿੱਚ ਸਭ ਲਈ ਨੌਕਰੀ ਪ੍ਰੋਗਰਾਮ ਸਫਲਤਾਪੂਰਵਕ ਆਯੋਜਿਤ ਕੀਤਾ ਹੈ। ਇਸ ਵਾਰ ਇਹ ਮੈਗਾ ਨੌਕਰੀ ਮੇਲਾ ਲੁਧਿਆਣਾ ਸ਼ਹਿਰ ਵਿੱਚ 16 ਮਾਰਚ 2025 ਨੂੰ ਬੀਸੀਐਮ ਕਾਲਜ ਆਫ ਐਜੂਕੇਸ਼ਨ, ਸੈਕਟਰ 32-ਏ, ਚੰਡੀਗੜ੍ਹ ਰੋਡ, ਲੁਧਿਆਣਾ ਵਿਖੇ ਸਵੇਰੇ 9 ਵਜੇ ਤੋਂ ਸ਼ੁਰੂ ਹੋਵੇਗਾ।

ਇਸ ਨੌਕਰੀ ਮੇਲੇ ਵਿੱਚ, 20 ਕੰਪਨੀਆਂ ਤਕਨਾਲੋਜੀ, ਪ੍ਰਬੰਧਨ, ਪ੍ਰਾਹੁਣਚਾਰੀ, ਸਿਹਤ ਸੰਭਾਲ, ਸਿੱਖਿਆ ਅਤੇ ਹੋਰ ਖੇਤਰਾਂ ਵਿੱਚ ਨੌਕਰੀ ਦੇ ਮੌਕਿਆਂ ਲਈ ਭਰਤੀ ਕਰਨਗੀਆਂ।

# ਸ਼੍ਰੀ ਚੋਲਾ ਸਾਹਿਬ ਸੰਗ ਦੇ ਜੋੜ ਮੇਲੇ ਤੇ ਮਨੁੱਖਤਾ ਦੇ ਭਲੇ ਲਈ ਖ਼ੂਨਦਾਨ ਕੈਂਪ ਲਾਇਆ





ਲੁਧਿਆਣਾ( ਸੁਖਚੈਨ ਮਹਿਰਾ)ਖ਼ੂਨ ਕਿਸੇ ਹਸਤਪਾਲ,ਲੈਬੋਰਟਰੀ ਜਾਂ ਫੈਕਟਰੀ ਵਿਚ ਤਿਆਰ ਨਹੀਂ ਕੀਤਾ ਜਾ ਸਕਦਾ-ਗੋਸਲ,ਕਾਹਲੋਂ

ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ, ਗੁਰੂ ਅੰਗਦ ਦੇਵ ਜੀ, ਗੁਰੂ ਅਰਜਨ ਦੇਵ ਜੀ, ਅਤੇ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਇਤਿਹਾਸਕ ਕਸਬਾ ਡੇਰਾ ਬਾਬਾ ਨਾਨਕ ਜਿਲ੍ਹਾ ਗੁਰਦਾਸਪੁਰ ਵਿਖੇ ਸ੍ਰੀ ਚੋਲਾ ਸਾਹਿਬ ਸੰਗ ਦੇ ਸਾਲਾਨਾ ਜੋੜ ਮੇਲੇ ਨੂੰ ਸਮਰਪਿਤ ਮਨੁੱਖਤਾ ਦੇ ਭਲੇ ਲਈ ਭਾਈ ਘਨੱਈਆ ਜੀ ਮਿਸ਼ਨ ਸੇਵਾ ਸੁਸਾਇਟੀ ਵੱਲੋਂ ਮੁੱਖ ਸੇਵਾਦਾਰ ਜਥੇਦਾਰ ਤਰਨਜੀਤ ਸਿੰਘ ਨਿਮਾਣਾ ਦੀ ਅਗਵਾਈ ਹੇਠ 786ਵਾਂ ਮਹਾਨ ਖ਼ੂਨਦਾਨ ਕੈਂਪ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਨੇਜਰ ਸਤਨਾਮ ਸਿੰਘ ਗੋਸਲ ਦੇ ਸਹਿਯੋਗ ਨਾਲ ਗੁਰਦੁਆਰਾ ਦਰਬਾਰ ਸਹਿਬ ਡੇਰਾ ਬਾਬਾ ਨਾਨਕ ਵਿਖੇ ਲਗਾਇਆ ਗਿਆ।ਇਸ ਖ਼ੂਨਦਾਨ ਕੈਂਪ ਦਾ ਉਦਘਾਟਨ ਕਰਨ ਸਮੇਂ ਮੈਨੇਜਰ ਸਤਨਾਮ ਸਿੰਘ ਗੋਸਲ ਅਤੇ ਪ੍ਰਿੰਸੀਪਲ ਸ਼ਰਨਜੀਤ ਕੌਰ ਕਾਹਲੋਂ ਨੇ ਕਿਹਾ ਕਿ ਖ਼ੂਨ ਕਿਸੇ ਹਸਤਪਾਲ, ਲੈਬੋਰਟਰੀ ਜਾਂ ਫੈਕਟਰੀ ਵਿਚ ਤਿਆਰ ਨਹੀਂ ਕੀਤਾ ਜਾ ਸਕਦਾ। ਖ਼ੂਨ ਦੀ ਫੈਕਟਰੀ ਸ਼ਰੀਰ ਦੇ ਅੰਦਰ ਲਗੀ ਹੈ ਇਨਸਾਨ ਦੇ ਖ਼ੂਨਦਾਨ ਨਾਲ ਮਰੀਜ਼ ਦੀ ਜ਼ਿੰਦਗੀ ਨੂੰ ਬਚਾਇਆ ਜਾ ਸਕਦਾ। ਦਾਨਾ ਵਿਚੋ ਖ਼ੂਨਦਾਨ ਸਭ ਤੋਂ ਵਡਾ ਪੁੰਨ ਦਾ ਮਹਾਦਾਨ ਹੈ ਇਸ ਸਮੇਂ ਅਮ੍ਰਿਤਬੀਰ ਸਿੰਘ ਕਾਹਲੋਂ ਪ੍ਰਧਾਨ ਅੰਨਦਾਤਾ ਕਿਸਾਨ ਮਜ਼ਦੂਰ ਯੂਨੀਅਨ ਬਟਾਲਾ ਅਤੇ ਉਘੇ ਸਮਾਜ ਸੇਵੀ ਗੁਰਬਿੰਦਰ ਸਿੰਘ ਨੇ ਗੁਰਵਿੰਦਰ ਸਿੰਘ ਸੋਹਲ ਕੈਨੇਡਾ ਵਾਸੀ ਸਮੇਤ ਖ਼ੂਨਦਾਨ ਕਰਨ ਵਾਲੇ ਦਾਨੀਆ ਨੂੰ ਸਰਟੀਫਿਕੇਟ ਤੇ ਸਨਮਾਨ ਚਿੰਨ ਭੇਂਟ ਕਰਕੇ ਸਨਮਾਨਿਤ ਕੀਤਾ। ਇਸ ਮੌਕੇ ਤੇ ਜੱਥੇਦਾਰ ਤਰਨਜੀਤ ਸਿੰਘ ਨਿਮਾਣਾ ਮੁੱਖ ਸੇਵਾਦਾਰ ਭਾਈ ਘੱਨੱਈਆ ਜੀ ਮਿਸ਼ਨ ਸੇਵਾ ਸੁਸਾਇਟੀ ਨੇ ਦੱਸਿਆ ਖ਼ੂਨਦਾਨ ਕੈਂਪ ਦੌਰਾਨ 70 ਬਲੱਡ ਯੂਨਿਟ ਸਿਵਿਲ ਹਸਪਤਾਲ ਅਤੇ ਪਾਰਵਤੀ ਹਸਤਪਾਲ ਦੇ ਨਿੱਘੇ ਸਹਿਯੋਗ ਨਾਲ ਇਕੱਤਰ ਕੀਤਾ ਗਿਆ ਖ਼ੂਨ ਲੋੜਵੰਦ ਮਰੀਜ਼ਾਂ ਨੂੰ ਨਿਸ਼ਕਾਮ ਰੂਪ ਵਿਚ ਦਿਤਾ ਜਾਵੇਗਾ। ਇਸ ਮੌਕੇ ਤੇ ਬਲਦੇਵ ਸਿੰਘ ਸੰਧੂ, ਗੁਰਜੰਟ ਸਿੰਘ ਔਠੀ, ਨਰਿੰਦਰ, ਅਸ਼ੋਕ ਕੁਮਾਰ, ਅਰਸ਼ਦੀਪ ਸਿੰਘ,ਹਰਬੰਸ ਸਿੰਘ ਫੋਜੀ ਬਿਲਗਾ, ਦਮਨ ਸਿੰਘ ਕਾਹਨੂੰਵਾਨ ਹਾਜਰ ਸਨ

# ਕਵਿਤਾਵਲੀ ਮੈਗਜ਼ੀਨ ਦਾ ਸ਼ਾਨਦਾਰ ਉਦਘਾਟਨ ਸਮਾਰੋਹ ਆਯੋਜਿਤ



ਚੰਡੀਗੜ੍ਹ,(ਲੋਕ ਬਾਣੀ )ਅੰਤਰਰਾਸ਼ਟਰੀ ਸਾਹਿਤਕ ਮੈਗਜ਼ੀਨ ਕਵਿਤਾਵਲੀ ਦੇ ਮਾਰਚ ਅੰਕ ਦਾ ਇੱਕ ਸ਼ਾਨਦਾਰ ਉਦਘਾਟਨ ਸਮਾਰੋਹ ਆਯੋਜਿਤ ਕੀਤਾ ਗਿਆ। ਇਹ ਵੱਕਾਰੀ ਸਮਾਗਮ ਲਾਇਬ੍ਰੇਰੀ ਆਡੀਟੋਰੀਅਮ, ਸੈਕਟਰ-17, ਚੰਡੀਗੜ੍ਹ ਵਿੱਚ ਆਯੋਜਿਤ ਕੀਤਾ ਗਿਆ, ਜਿਸ ਵਿੱਚ ਸਾਹਿਤ, ਸੰਗੀਤ ਅਤੇ ਕਲਾ ਦੀ ਦੁਨੀਆ ਦੀਆਂ ਉੱਘੀਆਂ ਸ਼ਖਸੀਅਤਾਂ ਨੇ ਹਿੱਸਾ ਲਿਆ। ਇਸ ਸਮਾਗਮ ਦੇ ਮੁੱਖ ਮਹਿਮਾਨ ਯੂਕੇ ਤੋਂ ਕਵਿਤਾਵਲੀ ਦੇ ਮੁੱਖ ਸੰਪਾਦਕ ਸ਼੍ਰੀ ਸੁਰੇਸ਼ ਪੁਸ਼ਪਾਕਰ, ਵਿਸ਼ਵ ਪ੍ਰਸਿੱਧ ਗਾਇਕ ਬ੍ਰਿਜੇਸ਼ ਆਹੂਜਾ ਅਤੇ ਵਿੱਤੀ ਸਲਾਹਕਾਰ ਸ਼੍ਰੀਮਤੀ ਇਨੂ ਸ਼ਰਮਾ ਸਨ, ਜਿਨ੍ਹਾਂ ਨੇ ਮੈਗਜ਼ੀਨ ਦੇ ਨਵੇਂ ਅੰਕ ਦਾ ਉਦਘਾਟਨ ਕੀਤਾ। ਇਸ ਮੌਕੇ ਮੈਗਜ਼ੀਨ ਦੇ ਸੰਪਾਦਕ ਪ੍ਰੇਮ ਵਿਜ, ਸੰਯੁਕਤ ਸੰਪਾਦਕ ਡਾ. ਸੰਤੋਸ਼ ਗਰਗ ਅਤੇ ਡਾ. ਵਿਨੋਦ ਸ਼ਰਮਾ, ਸਲਾਹਕਾਰ ਗਣੇਸ਼ ਦੱਤ, ਲਾਇਬ੍ਰੇਰੀਅਨ ਡਾ. ਨੀਜ਼ਾ ਸਿੰਘ ਅਤੇ ਡਾ. ਸੁਨੈਨਾ ਬਾਂਸਲ ਸਮੇਤ ਮੋਹਾਲੀ ਤੋਂ ਕਈ ਪਤਵੰਤੇ ਮੌਜੂਦ ਸਨ।

ਇਸ ਮੌਕੇ ਤੇ ਬ੍ਰਿਜੇਸ਼ ਆਹੂਜਾ ਨੇ ਆਪਣੇ ਪੇਸ਼ੇਵਰ ਜੀਵਨ ਦੇ ਪ੍ਰੇਰਨਾਦਾਇਕ ਅਨੁਭਵ ਸਾਂਝੇ ਕੀਤੇ ਅਤੇ ਕਵਿਤਾਵਲੀ ਮੈਗਜ਼ੀਨ ਦੀ ਪ੍ਰਸ਼ੰਸਾ ਕੀਤੀ, ਇਸਨੂੰ ਪੰਦਰਾਂ ਦੇਸ਼ਾਂ ਦੀਆਂ ਸਾਹਿਤਕ ਹਸਤੀਆਂ ਨੂੰ ਜੋੜਨ ਵਾਲੀ ਇੱਕ ਵਿਲੱਖਣ ਕੜੀ ਦੱਸਿਆ।

ਮੁੱਖ ਸੰਪਾਦਕ ਸ਼੍ਰੀ ਸੁਰੇਸ਼ ਪੁਸ਼ਪਾਕਰ ਨੂੰ ਮੰਜਲੀ ਮੰਚ, ਚੰਡੀਗੜ੍ਹ ਵੱਲੋਂ ਮੰਜਲੀ ਸਾਹਿਤ ਸਨਮਾਨ-2025 ਨਾਲ ਸਨਮਾਨਿਤ ਕੀਤਾ ਗਿਆ। ਇਹ ਸਨਮਾਨ ਉਨ੍ਹਾਂ ਨੂੰ ਕਲਾ, ਸਾਹਿਤ ਅਤੇ ਪੱਤਰਕਾਰੀ ਦੇ ਖੇਤਰ ਵਿੱਚ ਸ਼ਾਨਦਾਰ ਯੋਗਦਾਨ ਲਈ ਦਿੱਤਾ ਗਿਆ।

ਪ੍ਰੋਗਰਾਮ ਦੀ ਸ਼ੁਰੂਆਤ ਮਸ਼ਹੂਰ ਸੋਮੇਸ਼ ਗੁਪਤਾ ਅਤੇ ਨੈਨਸੀ ਦੇ ਗਾਇਨ ਨਾਲ ਹੋਈ, ਜਿਸ ਤੋਂ ਬਾਅਦ ਇੱਕ ਭਾਵਪੂਰਨ ਕਵਿਤਾ ਸ਼ਾਮ ਦਾ ਆਯੋਜਨ ਕੀਤਾ ਗਿਆ।

ਸ਼੍ਰੀ ਸੁਰੇਸ਼ ਪੁਸ਼ਪਾਕਰ ਨੇ ਆਪਣੀ ਕਵਿਤਾ ਗੀਤਾ ਦਾ ਦਿਵਿਆ ਉਦਗਾਰ ਪੇਸ਼ ਕੀਤੀ ਜਿਸ ਵਿੱਚ ਉਨ੍ਹਾਂ ਨੇ ਇਹ ਸੰਦੇਸ਼ ਦਿੱਤਾ ਕਿ ਮਾਇਆ ਦੇ ਭਰਮ ਵਿੱਚ ਫਸਿਆ ਵਿਅਕਤੀ ਗਿਆਨ ਦੀ ਸੱਚਾਈ ਪ੍ਰਾਪਤ ਨਹੀਂ ਕਰ ਸਕਦਾ। ਸਾਹਿਤਕਾਰ ਰਾਜੇਸ਼ ਆਤਰੇ ਨੇ ਆਪਣੀਆਂ ਸਤਰਾਂ ਰਾਹੀਂ ਨਾਰੀ ਸ਼ਕਤੀ ਦੀ ਮਹਿਮਾ ਨੂੰ ਰੇਖਾਂਕਿਤ ਕੀਤਾ, ਔਰਤ, ਤੇਰੇ ਬਹੁਤ ਸਾਰੇ ਰੂਪ ਹਨ, ਜੇ ਹੋ ਸਕੇ ਤਾਂ ਉਨ੍ਹਾਂ ਨੂੰ ਲੱਭਣ ਦੀ ਕੋਸ਼ਿਸ਼ ਕਰੋ।

ਇਸ ਮੌਕੇ ਡਾ. ਵਿਜੇ ਕਪੂਰ, ਸੁਦੇਸ਼ ਮੋਦਗਿਲ ਨੂਰ, ਵਿਮਲਾ ਗੁਗਲਾਨੀ, ਦਰਸ਼ਨ ਸੁਭਾਸ਼ ਪਾਹਵਾ, ਪਰਮਿੰਦਰ ਸੋਨੀ, ਸੰਗੀਤਾ ਕੁੰਦਰਾ, ਅਰੁਣਾ ਡੋਗਰਾ, ਰਾਜੇਸ਼ ਭਾਟੀਆ, ਰੇਖਾ ਮਿੱਤਲ, ਮਿੱਕੀ ਪਾਸੀ ਅਤੇ ਆਸ਼ਾ ਸ਼ਰਮਾ ਨੇ ਪਿਆਰ, ਵਿਛੋੜਾ, ਸਮਾਜਿਕ ਸੁਧਾਰ ਅਤੇ ਮਹਿਲਾ ਸਸ਼ਕਤੀਕਰਨ ਵਰਗੇ ਵਿਸ਼ਿਆਂ ਤੇ ਆਪਣੀਆਂ ਭਾਵਪੂਰਨ ਰਚਨਾਵਾਂ ਪੇਸ਼ ਕੀਤੀਆਂ। ਮਸ਼ਹੂਰ ਗ਼ਜ਼ਲ ਗਾਇਕਾ ਕੰਚਨ ਭੱਲਾ ਨੇ ਹਾਸਿਆਂ ਅਤੇ ਵਿਅੰਗ ਨਾਲ ਭਰੀਆਂ ਆਪਣੀਆਂ ਰਚਨਾਵਾਂ ਨਾਲ ਦਰਸ਼ਕਾਂ ਨੂੰ ਮੰਤਰਮੁਗਧ ਕਰ ਦਿੱਤਾ।

ਪ੍ਰੋਗਰਾਮ ਦੇ ਅੰਤ ਵਿੱਚ, ਕਵਿਤਾਵਲੀ ਦੇ ਸੰਪਾਦਕ, ਸ਼੍ਰੀ ਪ੍ਰੇਮ ਵਿਜ ਨੇ ਸਾਰੇ ਲੇਖਕਾਂ ਅਤੇ ਭਾਗੀਦਾਰਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਇਹ ਰਸਾਲਾ ਸਾਹਿਤਕ ਜਗਤ ਵਿੱਚ ਵਿਸ਼ਵ ਪੱਧਰ ਤੇ ਆਪਣੀ ਪਛਾਣ ਬਣਾ ਰਿਹਾ ਹੈ ਅਤੇ ਇਸ ਲਈ, ਸਾਰੇ ਲੇਖਕਾਂ ਦਾ ਯੋਗਦਾਨ ਸ਼ਲਾਘਾਯੋਗ ਹੈ। ਅੰਤ ਵਿੱਚ, ਲਾਇਬ੍ਰੇਰੀਅਨ ਡਾ. ਨੀਜ਼ਾ ਸਿੰਘ ਨੇ ਸਮਾਗਮ ਵਿੱਚ ਮੌਜੂਦ ਸਾਰੇ ਮਹਿਮਾਨਾਂ ਅਤੇ ਸਾਹਿਤ ਪ੍ਰੇਮੀਆਂ ਦਾ ਧੰਨਵਾਦ ਕੀਤਾ।

# ਔਰਤਾਂ ਨੂੰ ਵੱਧ ਅਖ਼ਤਿਆਰ ਦੇਣ ਲਈ ਸੁਹਿਰਦ ਯਤਨ ਕਰ ਰਹੀ ਹੈ ਸਾਡੀ ਸਰਕਾਰ: ਮੁੱਖ ਮੰਤਰੀ

ਅੰਮ੍ਰਿਤਸਰ,(ਲੋਕ ਬਾਣੀ ) ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਲਾਨ ਕੀਤਾ ਕਿ ਸੂਬਾ ਸਰਕਾਰ ਵੱਲੋਂ ਜਰਮਨੀ ਦੇ ਮਿਊਨਿਖ ਵਿਖੇ ਸਪੀਕਰਜ਼ ਪਲੇਟਫਾਰਮ ਦੀ ਤਰਜ਼ 'ਤੇ ਵਿਦਿਆਰਥੀਆਂ ਨੂੰ ਕਾਰੋਬਾਰ ਸਬੰਧੀ ਮਸਲਿਆਂ 'ਤੇ ਵਿਚਾਰ ਸਾਂਝੇ ਕਰਨ ਲਈ ਅੰਮ੍ਰਿਤਸਰ ਅਤੇ ਮੋਹਾਲੀ ਵਿਖੇ ਦੋ ਬ੍ਰੇਨਸਟੋਰਮਿੰਗ ਸੈਂਟਰ ਖੋਲ੍ਹੇ ਜਾਣਗੇ।

ਮਹਿਲਾ ਦਿਵਸ ਮੌਕੇ ਖ਼ਾਲਸਾ ਕਾਲਜ ਵਿਖੇ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਵਿਚਾਰ -ਚਰਚਾ ਕਰਨ ਲਈ ਸਕੂਲ ਪੱਧਰ 'ਤੇ ਬਿਜ਼ਨਸ ਬਲਾਸਟਰਜ਼ ਪਹਿਲਕਦਮੀ ਪਹਿਲਾਂ ਹੀ ਸ਼ੁਰੂ ਕੀਤੀ ਹੋਈ ਹੈ ਅਤੇ ਵਿਦਿਆਰਥੀਆਂ ਨੂੰ 11 ਕਰੋੜ ਰੁਪਏ ਵੀ ਵੰਡੇ ਜਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਇਸ ਨਿਵੇਕਲੀ ਪੇਸ਼ਕਦਮੀ ਦਾ ਉਦੇਸ਼ ਵਿਦਿਆਰਥੀਆਂ ਨੂੰ ਵਿਚਾਰ-ਚਰਚਾ ਲਈ ਸੁਚੱਜਾ ਪਲੇਟਫਾਰਮ ਪ੍ਰਦਾਨ ਕਰਨਾ ਹੈ ਤਾਂ ਜੋ ਨਵੇਂ ਕਾਰੋਬਾਰੀ ਵਿਚਾਰ ਅੱਗੇ ਆ ਸਕਣ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸੇ ਤਰਜ਼ 'ਤੇ ਸੂਬਾ ਸਰਕਾਰ ਅੰਮ੍ਰਿਤਸਰ ਅਤੇ ਐਸ.ਏ.ਐਸ. ਨਗਰ (ਮੋਹਾਲੀ) ਵਿਖੇ ਨਵੇਂ ਕਾਰੋਬਾਰਾਂ ਸਬੰਧੀ ਵਿਚਾਰ-ਚਰਚਾ ਲਈ ਬ੍ਰੇਨਸਟੋਰਮਿੰਗ ਸੈਂਟਰ ਸਥਾਪਤ ਕਰਨ ਜਾ ਰਹੀ ਹੈ।

ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਸ਼ੁਭਕਾਮਨਾਵਾਂ ਦਿੰਦੇ ਹੋਏ ਮੁੱਖ ਮੰਤਰੀ ਨੇ ਗੁਰਬਾਣੀ ਦੇ ਸ਼ਲੋਕ 'ਸੋ ਕਿਉ ਮੰਦਾ ਆਖੀਐ ਜਿਤੁ ਜੰਮਹਿ ਰਾਜਾਨ' ਦਾ ਹਵਾਲਾ ਦਿੰਦਿਆਂ ਕਿਹਾ ਕਿ ਮਹਾਨ ਸਿੱਖ ਗੁਰੂਆਂ ਨੇ ਔਰਤਾਂ ਨੂੰ ਬਹੁਤ ਸਤਿਕਾਰ ਦਿੱਤਾ ਹੈ। ਉਨ੍ਹਾਂ ਨੇ ਭਰੂਣ ਹੱਤਿਆ ਜਿਹੀ ਸਮਾਜਿਕ ਬੁਰਾਈ, ਜੋ ਹਾਲੇ ਵੀ ਸਮਾਜ ਵਿੱਚ ਪ੍ਰਚਲਿਤ ਹੈ, 'ਤੇ ਵੀ ਚਿੰਤਾ ਪ੍ਰਗਟਾਈ।

ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਕੁੜੀਆਂ ਨੇ ਉਨ੍ਹਾਂ ਖੇਤਰਾਂ ਵਿੱਚ ਵੀ ਮੱਲਾਂ ਮਾਰ ਕੇ ਆਪਣੇ ਮਾਪਿਆਂ, ਸਮਾਜ ਅਤੇ ਸੂਬੇ ਦਾ ਮਾਣ ਵਧਾਇਆ ਹੈ, ਜਿਨ੍ਹਾਂ ਨੂੰ ਮਰਦਾਂ ਦੀ ਜਾਗੀਰ ਮੰਨਿਆ ਜਾਂਦਾ ਸੀ। ਸੂਬੇ ਵਿੱਚ ਤਕਨਾਲੋਜੀ ਨੂੰ ਪੇਸ਼ ਕਰਨ ਬਾਰੇ ਇੱਕ ਵਿਦਿਆਰਥੀ ਦੇ ਸਵਾਲ ਦਾ ਜਵਾਬ ਦਿੰਦੇ ਹੋਏ ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਪਹਿਲਾਂ ਹੀ ਵੱਖ-ਵੱਖ ਖੇਤਰਾਂ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ (ਏਆਈ) ਦੀ ਵਰਤੋਂ ਸ਼ੁਰੂ ਕਰ ਰਹੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਨੇ ਕੁਸ਼ਲਤਾ ਅਤੇ ਪਾਰਦਰਸ਼ਤਾ ਨੂੰ ਯਕੀਨੀ ਬਣਾਉਣ ਲਈ ਬਿਹਤਰ ਪੁਲਿਸਿੰਗ, ਖੇਤੀਬਾੜੀ, ਵਿੱਤ ਅਤੇ ਹੋਰ ਖੇਤਰਾਂ ਵਿੱਚ ਏ.ਆਈ. ਦੀ ਸ਼ੁਰੂਆਤ ਕੀਤੀ ਹੈ। ਇਨ੍ਹਾਂ ਤਰੱਕੀਆਂ ਦੇ ਨਾਲ ਸੂਬਾ ਸਰਕਾਰ ਦਾ ਉਦੇਸ਼ ਪੰਜਾਬ ਦੇ ਮਾਮਲਿਆਂ ਨੂੰ ਪ੍ਰਭਾਵੀ ਢੰਗ ਨਾਲ ਨਜਿੱਠਣ ਲਈ ਮਾਹਿਰਾਂ ਨੂੰ ਅੱਗੇ ਲਿਆਉਣਾ ਹੈ।




ਮੁੱਖ ਮੰਤਰੀ ਨੇ ਹੁਨਰ ਵਿਕਾਸ ਦੀ ਮਹੱਤਤਾ 'ਤੇ ਜ਼ੋਰ ਦਿੰਦੇ ਹੋਏ ਕਿਹਾ ਕਿ ਸਿੱਖਿਆ ਮਹਿਜ਼ ਡਿਗਰੀਆਂ ਹਾਸਲ ਕਰਨ ਤੱਕ ਮਹਿਦੂਦ ਨਹੀਂ ਹੋਣੀ ਚਾਹੀਦੀ, ਸਗੋਂ ਇਸ ਦਾ ਮੰਤਵ ਹੁਨਰ ਪ੍ਰਾਪਤ ਕਰਕੇ ਆਪਣੀ ਜੀਵਿਕਾ ਕਮਾਉਣ ਦੇ ਨਾਲ-ਨਾਲ ਸਮਾਜ ਦੀ ਸੇਵਾ ਕਰਨਾ ਵੀ ਹੋਣਾ ਚਾਹੀਦਾ ਹੈ। ਕੁੜੀਆਂ ਨੂੰ ਸਮਾਜ ਦੀਆਂ ਸਿਰਜਣਹਾਰੀਆਂ ਦੱਸਦਿਆਂ ਭਗਵੰਤ ਸਿੰਘ ਮਾਨ ਨੇ ਸਮਾਜ ਵਿੱਚ ਉਨ੍ਹਾਂ ਦੇ ਵਡਮੁੱਲੇ ਯੋਗਦਾਨ ਲਈ ਉਨ੍ਹਾਂ ਦੀ ਸ਼ਲਾਘਾ ਕੀਤੀ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਸੂਬੇ ਵਿੱਚ ਔਰਤਾਂ ਦੇ ਸ਼ਕਤੀਕਰਨ ਲਈ ਠੋਸ ਯਤਨ ਕੀਤੇ ਹਨ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਪਾਰਟੀ ਨੇ 11 ਔਰਤਾਂ ਨੂੰ ਵਿਧਾਇਕ ਬਣਾਇਆ ਹੈ ਅਤੇ ਅੱਠ ਮਹਿਲਾ ਅਧਿਕਾਰੀਆਂ ਨੂੰ ਡਿਪਟੀ ਕਮਿਸ਼ਨਰ ਨਿਯੁਕਤ ਕੀਤਾ ਹੈ ਅਤੇ ਤਿੰਨ ਔਰਤਾਂ ਨੂੰ ਸੀਨੀਅਰ ਪੁਲਿਸ ਸੁਪਰਡੈਂਟ ਨਿਯੁਕਤ ਕੀਤਾ ਗਿਆ ਹੈ। ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ ਕਿ ਇੱਕ ਔਰਤ ਨੂੰ ਪੁਲਿਸ ਕਮਿਸ਼ਨਰ ਨਿਯੁਕਤ ਕੀਤਾ ਗਿਆ ਹੈ ਅਤੇ 19 ਔਰਤਾਂ ਨੂੰ ਵਧੀਕ ਡਿਪਟੀ ਕਮਿਸ਼ਨਰ ਨਿਯੁਕਤ ਕੀਤਾ ਗਿਆ ਹੈ ਅਤੇ ਸੱਤ ਨੂੰ ਵੱਖ-ਵੱਖ ਵਿਭਾਗਾਂ ਦੇ ਸਕੱਤਰ ਵਜੋਂ ਨਿਯੁਕਤ ਕੀਤਾ ਗਿਆ ਹੈ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਅੱਗ ਬੁਝਾਊ ਅਮਲੇ ਵਿੱਚ ਔਰਤਾਂ ਦੀ ਭਰਤੀ ਲਈ ਸਰੀਰਕ ਮਾਪਦੰਡਾਂ ਨੂੰ ਬਦਲਣ ਲਈ ਨਿਯਮਾਂ ਵਿੱਚ ਲੋੜੀਂਦੀ ਸੋਧ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਪਿਛਲੀ ਕਿਸੇ ਵੀ ਸਰਕਾਰ ਨੇ ਇਨ੍ਹਾਂ ਨਿਯਮਾਂ ਨੂੰ ਬਦਲਣ ਦੀ ਖੇਚਲ ਨਹੀਂ ਸੀ ਕੀਤੀ ਕਿਉਂਕਿ ਉਨ੍ਹਾਂ ਨੂੰ ਲੋਕਾਂ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦੀ ਕੋਈ ਪਰਵਾਹ ਨਹੀਂ ਸੀ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਸੋਧ ਸਮੇਂ ਦੀ ਲੋੜ ਸਨ ਕਿਉਂਕਿ ਅੰਦਰੂਨੀ ਹਿੱਸਿਆਂ ਵਿੱਚ ਉੱਚੀਆਂ-ਉੱਚੀਆਂ ਇਮਾਰਤਾਂ ਅਤੇ ਤੰਗ-ਭੀੜੀਆਂ ਸੜਕਾਂ ਦੇ ਮੱਦੇਨਜ਼ਰ, ਅੱਗ ਬੁਝਾਊ ਅਮਲੇ ਨੂੰ ਨਵੀਨਤਮ ਕਿਸਮ ਦੇ ਵਾਹਨ ਪ੍ਰਦਾਨ ਕੀਤੇ ਜਾਣੇ ਹਨ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਆਮ ਆਦਮੀ ਦੀ ਭਲਾਈ ਲਈ ਆਪਣੇ ਕੰਮਕਾਜ ਵਿੱਚ ਵੱਡੀਆਂ ਤਬਦੀਲੀਆਂ ਲਿਆਉਣ ਲਈ ਤਿਆਰ ਹੈ।

ਭਗਵੰਤ ਸਿੰਘ ਮਾਨ ਨੇ ਦੱਸਿਆ ਕਿ ਪਹਿਲੀ ਵਾਰ ਸਟੇਜ 'ਤੇ ਚੜ੍ਹਨ ਮੌਕੇ ਮੈਂ ਬਹੁਤ ਘਬਰਾਇਆ ਹੋਇਆ ਸੀ, ਪਰ ਉਸ ਤਜਰਬੇ ਨੇ ਮੈਨੂੰ ਅੱਗੇ ਵਧਣ ਲਈ ਢੁਕਵਾਂ ਸਬਕ ਦਿੱਤਾ, ਕਿਉਂਕਿ ਸਖ਼ਤ ਮਿਹਨਤ ਅਤੇ ਸਵੈ-ਭਰੋਸਾ ਹੀ ਸਫਲਤਾ ਦੀ ਕੁੰਜੀ ਹੁੰਦੀ ਹੈ। ਉਨ੍ਹਾਂ ਕਿਹਾ ਕਿ ਭਾਵੇਂ ਉਹ ਇੱਕ ਮੱਧ ਵਰਗੀ ਪਰਿਵਾਰ ਤੋਂ ਆਏ ਹਨ ਪਰ ਅੱਜ ਉਹ 3.5 ਕਰੋੜ ਲੋਕਾਂ ਦੇ ਅਧਿਕਾਰਾਂ ਦੇ ਰਾਖੇ ਤੇ ਮੁਦੱਈ ਹਨ। ਮੁੱਖ ਮੰਤਰੀ ਨੇ ਕਿਹਾ ਕਿ ਇਹ ਸਖ਼ਤ ਮਿਹਨਤ, ਵਚਨਬੱਧਤਾ, ਲਗਨ ਅਤੇ ਸਮਰਪਣ ਦੀ ਤਾਕਤ ਹੈ। ਉਨ੍ਹਾਂ ਨੇ ਔਰਤਾਂ ਅਤੇ ਨੌਜਵਾਨਾਂ ਨੂੰ ਸਸ਼ਕਤ ਬਣਾਉਣ ਦੇ ਉਦੇਸ਼ ਨਾਲ ਕਈ ਨਵੀਆਂ ਪਹਿਲਕਦਮੀਆਂ ਦਾ ਐਲਾਨ ਕੀਤਾ, ਜਿਨ੍ਹਾਂ ਵਿੱਚ ਹੁਨਰ ਵਿਕਾਸ ਪ੍ਰੋਗਰਾਮ, ਸਕਾਲਰਸ਼ਿਪ, ਉੱਦਮਤਾ ਸਬੰਧੀ ਮੌਕੇ ਅਤੇ ਵਿੱਤੀ ਸਹਾਇਤਾ ਸ਼ਾਮਲ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਇੱਕ ਅਜਿਹਾ ਮਾਹੌਲ ਸਿਰਜਣ ਲਈ ਵਚਨਬੱਧ ਹੈ ਜਿੱਥੇ ਹਰ ਨਾਗਰਿਕ ਇੱਕ ਬਿਹਤਰੀਨ ਜੀਵਨ ਬਤੀਤ ਕਰ ਸਕਣ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਜੀਵਨ ਦੇ ਹਰ ਖੇਤਰ ਵਿੱਚ ਬਰਾਬਰ ਮੌਕੇ ਮੁਹੱਈਆ ਕਰਵਾਉਣ ਅਤੇ ਲਿੰਗ ਸਮਾਨਤਾ ਨੂੰ ਉਤਸ਼ਾਹਿਤ ਕਰਨ ਲਈ ਲਗਾਤਾਰ ਯਤਨਸ਼ੀਲ ਰਹੀ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਨੌਜਵਾਨਾਂ ਨੂੰ ਸਿਰਫ਼ ਯੋਗਤਾ ਦੇ ਆਧਾਰ 'ਤੇ 51665 ਨੌਕਰੀਆਂ ਦਿੱਤੀਆਂ ਹਨ ਅਤੇ ਇਸ ਦਾ ਇੱਕੋ-ਇੱਕ ਉਦੇਸ਼ ਨੌਜਵਾਨਾਂ ਨੂੰ ਸੂਬੇ ਦੀ ਸਮਾਜਿਕ-ਆਰਥਿਕ ਤਰੱਕੀ ਵਿੱਚ ਸਰਗਰਮ ਭਾਈਵਾਲ ਬਣਾਉਣਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬੇ ਦੇ ਵਿਦਿਆਰਥੀਆਂ ਅਤੇ ਨੌਜਵਾਨਾਂ ਵਿੱਚ ਅਥਾਹ ਸਮਰੱਥਾ ਹੈ ਅਤੇ ਸੂਬਾ ਸਰਕਾਰ ਉਨ੍ਹਾਂ ਨੂੰ ਜ਼ਿੰਦਗੀ ਵਿੱਚ ਅੱਗੇ ਵਧਣ ਲਈ ਮੌਕੇ ਦਿੰਦੀ ਰਹੇਗੀ।

ਮੁੱਖ ਮੰਤਰੀ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਉਹ ਉਦੋਂ ਤੱਕ ਚੈਨ ਨਾਲ ਨਹੀਂ ਬੈਠਣਗੇ, ਜਦੋਂ ਤੱਕ ਪੰਜਾਬ ਦੇ ਵਿਦਿਆਰਥੀ ਆਪਣੇ ਮਨਭਾਉਂਦੇ ਟੀਚੇ ਪ੍ਰਾਪਤ ਨਹੀਂ ਕਰ ਲੈਂਦੇ। ਉਨ੍ਹਾਂ ਕਿਹਾ ਕਿ ਸਿਆਸਤ ਦਾ ਅਰਥ ਸਿਰਫ਼ ਗਰੀਬਾਂ ਦੀ ਸੇਵਾ ਕਰਨਾ ਹੁੰਦਾ ਹੈ, ਪਰ ਮੌਜੂਦਾ ਸਮੇਂ ਰਾਜਨੀਤੀ ਗੁੰਡਿਆਂ ਦੀ ਜਾਗੀਰ ਬਣ ਕੇ ਰਹਿ ਗਈ ਹੈ।

ਇਸ ਮੌਕੇ ਕੈਬਨਿਟ ਮੰਤਰੀ ਸ ਕੁਲਦੀਪ ਸਿੰਘ ਧਾਲੀਵਾਲ, ਵਿਧਾਇਕਾ ਸ੍ਰੀਮਤੀ ਜੀਵਨ ਜੋਤ ਕੌਰ, ਵਿਧਾਇਕ ਸ ਜਸਬੀਰ ਸਿੰਘ ਸੰਧੂ, ਵਿਧਾਇਕ ਸ ਦਲਬੀਰ ਸਿੰਘ ਟੌਂਗ, ਵਿਧਾਇਕ ਡਾਕਟਰ ਅਜੇ ਗੁਪਤਾ, ਮੇਅਰ ਸ ਜਤਿੰਦਰ ਸਿੰਘ ਮੋਤੀ ਭਾਟੀਆ, ਖਾਲਸਾ ਕਾਲਜ ਗਵਰਨਿੰਗ ਬਾਡੀ ਦੇ ਸੈਕਟਰੀ ਸ ਰਜਿੰਦਰ ਮੋਹਨ ਸਿੰਘ ਛੀਨਾ, ਡਿਪਟੀ ਕਮਿਸ਼ਨਰ ਸ੍ਰੀਮਤੀ ਸਾਕਸ਼ੀ ਸਾਹਨੀ, ਪੁਲਿਸ ਕਮਿਸ਼ਨਰ ਸ ਗੁਰਪ੍ਰੀਤ ਸਿੰਘ ਭੁੱਲਰ , ਡੀਆਈਜੀ ਸ੍ਰੀ ਸਤਿੰਦਰ ਸਿੰਘ, ਜਿਲਾ ਪੁਲਿਸ ਮੁਖੀ ਸ੍ਰੀ ਮਨਿੰਦਰ ਸਿੰਘ ਅਤੇ ਹੋਰ ਸ਼ਖਸ਼ੀਅਤਾਂ ਹਾਜ਼ਰ ਸਨ

===--

# ਮਹਾਰਿਸ਼ੀ ਦਯਾਨੰਦ ਪਬਲਿਕ ਸਕੂਲ ਵਿੱਚ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ ਗਿਆ



ਚੰਡੀਗੜ੍ਹ। (ਲੋਕ ਬਾਣੀ ) ਮਹਾਰਿਸ਼ੀ ਦਯਾਨੰਦ ਪਬਲਿਕ ਸਕੂਲ, ਐਮਡੀਏਵੀ ਭਵਨ, ਦਰਿਆ, ਚੰਡੀਗੜ੍ਹ ਵਿਖੇ ਅੰਤਰਰਾਸ਼ਟਰੀ ਮਹਿਲਾ ਦਿਵਸ ਬਹੁਤ ਉਤਸ਼ਾਹ ਨਾਲ ਮਨਾਇਆ ਗਿਆ। ਅਮਰੀਕਾ ਦੇ ਸ਼ਿਕਾਗੋ ਤੋਂ ਆਏ ਐਨਆਰਆਈ ਸੁਦਰਸ਼ਨ ਗਰਗ ਨੇ ਸਮਾਜ ਅਤੇ ਰਾਸ਼ਟਰ ਵਿੱਚ ਔਰਤਾਂ ਦੇ ਯੋਗਦਾਨ ਤੇ ਚਾਨਣਾ ਪਾਉਂਦਿਆਂ ਕਿਹਾ ਕਿ ਅੱਜ ਔਰਤਾਂ ਹਰ ਖੇਤਰ ਵਿੱਚ ਮੋਹਰੀ ਹਨ। ਉਹ ਮਰਦਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਕੰਮ ਕਰ ਰਹੀਆਂ ਹਨ। ਸਰਹੱਦਾਂ ਤੇ ਪਹਿਰੇਦਾਰਾਂ ਵਜੋਂ ਕੰਮ ਕਰਕੇ, ਉਹ ਦੇਸ਼ ਨੂੰ ਸੁਰੱਖਿਅਤ ਰੱਖਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੇ ਹਨ। ਹਰ ਕੰਮ ਵਿੱਚ ਉਸਦੀ ਸਲਾਹ ਹਮੇਸ਼ਾ ਲਈ ਜਾਂਦੀ ਹੈ। ਇਸ ਤੋਂ ਬਿਨਾਂ ਕੰਮ ਅਧੂਰਾ ਮੰਨਿਆ ਜਾਂਦਾ ਹੈ। ਪ੍ਰਸਿੱਧ ਸਾਹਿਤਕਾਰ ਡਾ. ਵਿਨੋਦ ਸ਼ਰਮਾ ਨੇ ਕਿਹਾ ਕਿ ਔਰਤਾਂ ਤੋਂ ਬਿਨਾਂ ਇਸ ਦੁਨੀਆਂ ਦੀ ਕਲਪਨਾ ਕਰਨਾ ਅਸੰਭਵ ਹੈ। ਕੁਸ਼ਲ ਘਰੇਲੂ ਔਰਤਾਂ ਹੋਣ ਦੇ ਨਾਲ-ਨਾਲ, ਉਹ ਮਰਦਾਂ ਵਾਂਗ ਆਰਥਿਕਤਾ ਵਿੱਚ ਵੀ ਯੋਗਦਾਨ ਪਾ ਰਹੀਆਂ ਹਨ। ਵੈਦਿਕ ਕਾਲ ਵਿੱਚ, ਹਰ ਕੰਮ ਔਰਤਾਂ ਦੀ ਮਦਦ ਨਾਲ ਕੀਤਾ ਜਾਂਦਾ ਸੀ। ਵੇਦਾਂ ਦਾ ਅਧਿਐਨ ਕਰਨ ਤੋਂ ਬਾਅਦ, ਉਸਨੇ ਮਰਦਾਂ ਨਾਲ ਮਿਲ ਕੇ ਯੱਗ ਵੀ ਕੀਤਾ।ਸਕੂਲ ਦੀ ਵਾਈਸ ਪ੍ਰਿੰਸੀਪਲ ਡਾ. ਅੰਜੂ ਮੋਦਗਿਲ ਨੇ ਕਿਹਾ ਕਿ ਪੜ੍ਹੇ-ਲਿਖੇ ਸਮਾਜ ਵਿੱਚ ਔਰਤਾਂ ਨੂੰ ਬਰਾਬਰ ਦਾ ਦਰਜਾ ਪ੍ਰਾਪਤ ਹੈ। ਔਰਤ ਹਰ ਕੰਮ ਕਰਨ ਦੇ ਸਮਰੱਥ ਹੈ। ਸਿੱਖਿਆ ਦੇ ਖੇਤਰ ਵਿੱਚ ਉਨ੍ਹਾਂ ਦਾ ਸ਼ਲਾਘਾਯੋਗ ਯੋਗਦਾਨ ਹੈ। ਪਟਿਆਲਾ ਤੋਂ ਆਈ ਸੁਦਰਸ਼ਨ ਥਾਪਰ ਨੇ ਮਹਿਲਾ ਦਿਵਸ ਦੀ ਵਧਾਈ ਦਿੰਦੇ ਹੋਏ ਕਿਹਾ ਕਿ ਭਾਰਤ ਵਿੱਚ ਉਨ੍ਹਾਂ ਦਾ ਸਥਾਨ ਸਤਿਕਾਰਯੋਗ ਹੈ। ਉਸਦੇ ਕੰਮ ਦੀ ਸਾਰਿਆਂ ਨੇ ਦਿਲੋਂ ਪ੍ਰਸ਼ੰਸਾ ਕੀਤੀ ਹੈ। ਇਹ ਪ੍ਰੋਗਰਾਮ ਐਨਆਰਆਈ ਸੁਦਰਸ਼ਨ ਗਰਗ ਦੁਆਰਾ ਆਯੋਜਿਤ ਕੀਤਾ ਗਿਆ ਸੀ। ਸਾਰੇ ਅਧਿਆਪਕਾਂ ਨੇ ਕੇਕ ਕੱਟਿਆ ਅਤੇ ਕਿਹਾ ਕਿ ਮਹਿਲਾ ਦਿਵਸ ਦੀਆਂ ਮੁਬਾਰਕਾਂ।ਪ੍ਰੋਗਰਾਮ ਦੌਰਾਨ ਉੱਚ ਜਮਾਤਾਂ ਦੇ ਵਿਦਿਆਰਥੀ ਵੀ ਮੌਜੂਦ ਸਨ। ਪ੍ਰੋਗਰਾਮ ਵਿੱਚ ਕਈਆਂ ਨੇ ਮਾਡਲਿੰਗ ਕੀਤੀ। ਇਸ ਦੌਰਾਨ ਗੀਤ ਗਾਏ ਗਏ ਅਤੇ ਨਾਚ ਵੀ ਪੇਸ਼ ਕੀਤੇ ਗਏ। ਸਾਰਿਆਂ ਨੇ ਐਨਆਰਆਈ ਗਰਗ ਦੁਆਰਾ ਪ੍ਰਬੰਧ ਕੀਤੇ ਦੁਪਹਿਰ ਦੇ ਖਾਣੇ ਦਾ ਆਨੰਦ ਮਾਣਿਆ।

ਲੋਕ ਬਾਣੀ

# ਮੋਬਾਈਲਾਂ ਦੀ ਦੁਕਾਨ ਨੂੰ ਅਣਪਛਾਤੇ ਚੋਰਾਂ ਵੱਲੋਂ ਨਿਸ਼ਾਨਾ ਬਣਾ ਕੇ ਚੋਰੀ ਨੂੰ ਅੰਜਾਮ ਦਿੱਤਾ ਗਿਆ




ਰਾਏਕੋਟ, (ਲੋਕ ਬਾਣੀ )ਸ਼ਹਿਰ ਦੇ ਸਰਦਾਰ ਹਰੀ ਸਿੰਘ ਨਲਵਾ ਚੌਕ ਵਿੱਚ ਸਥਿਤ ਇੱਕ ਮੋਬਾਈਲਾਂ ਦੀ ਦੁਕਾਨ ਨੂੰ ਅਣਪਛਾਤੇ ਚੋਰਾਂ ਵੱਲੋਂ ਨਿਸ਼ਾਨਾ ਬਣਾ ਕੇ ਚੋਰੀ ਨੂੰ ਅੰਜਾਮ ਦਿੱਤਾ ਗਿਆ। ਜ਼ਿਕਰਯੋਗ ਹੈ ਕਿ ਇਸ ਚੌਕ ਵਿੱਚ ਇੱਕ ਪੁਲਿਸ ਪੋਸਟ ਵੀ ਬਣੀ ਹੋਈ ਹੈ, ਅਤੇ ਇਹ ਦੁਕਾਨ ਬਿਲਕੁਲ ਪੋਸਟ ਦੇ ਸਾਹਮਣੇ ਸਥਿੱਤ ਹੈ। ਪ੍ਰੰਤੂ ਇਸ ਦੇ ਬਾਵਜੂਦ ਚੋਰਾਂ ਦੇ ਹੌਸਲੇ ਇਸ ਕਦਰ ਬੁਲੰਦ ਹਨ ਕਿ ਉਹਨਾਂ ਚੋਰੀ ਕਰਨ ਲਈ ਇਸ ਚੌਂਕ ਵਿੱਚ ਹੀ ਦੁਕਾਨ ਨੂੰ ਚੁਣਿਆ। ਚੋਰੀ ਦੀ ਇਸ ਘਟਨਾਂ ਦੇ ਸਬੰਧ ਵਿੱਚ ਦੁਕਾਨ ਮਾਲਕ ਵਿਕਾਸ ਵਰਮਾਂ ਨੇ ਦੱਸਿਆ ਕਿ ਉਹ ਬੀਤੀ ਰਾਤ ਸਾਢੇ ਅੱਠ ਵਜੇ ਦੇ ਕਰੀਬ ਆਪਣੀ ਦੁਕਾਨ ਬੰਦ ਕਰਕੇ ਘਰ ਨੂੰ ਚਲਾ ਗਿਆ ਸੀ। ਅੱਜ ਸਵੇਰੇ 3 ਵਜੇ ਚੌਕੀਦਾਰ ਨੇ ਦੱਸਿਆ ਕਿ ਤੁਹਾਡੀ ਦੁਕਾਨ ਦਾ ਸ਼ਟਰ ਟੁੱਟਾ ਹੋਇਆ ਹੈ। ਸੂਚਨਾਂ ਮਿਲਣ ਤੇ ਜਦ ਆ ਕੇ ਦੇਖਿਆ ਤਾਂ ਦੁਕਾਨ ਦਾ ਸ਼ਟਰ ਟੁੱਟਾ ਹੋਇਆ ਸੀ ਅਤੇ ਦੁਕਾਨ ਵਿੱਚ ਪਏ 30-40 ਕੀਮਤੀ ਮੋਬਾਇਲ ਗਾਇਬ ਸਨ। ਵਿਕਾਸ ਵਰਮਾਂ ਨੇ ਦੱਸਿਆ ਕਿ ਚੋਰੀ ਹੋਏ ਮੋਬਾਇਲਾਂ ਦੀ ਕੀਮਤ 5 ਤੋਂ 6 ਲੱਖ ਰੁਪਏ ਦੇ ਦਰਮਿਆਨ ਹੈ । ਸੂਚਨਾ ਮਿਲਣ ਤੇ ਸਥਾਨਕ ਥਾਣਾ ਸਿਟੀ ਤੋਂ ਪੁਲਿਸ ਮੌਕੇ ਤੇ ਪੁੱਜੀ ਅਤੇ ਘਟਨਾ ਦਾ ਜਾਇਜ਼ਾ ਲਿਆ। ਇੱਥੇ ਇਹ ਵੀ ਜ਼ਿਕਰਯੋਗ ਹੈ ਕਿ ਬੀਤੀ ਪੰਜ ਛੇ ਮਾਰਚ ਦੀ ਰਾਤ ਨੂੰ ਵੀ ਸ਼ਹਿਰ ਦੇ ਇੱਕ ਘਰ ਵਿੱਚ ਵੱਡੀ ਮਾਤਰਾ ਵਿੱਚ ਸੋਨਾ ਅਤੇ ਨਗਦੀ ਚੋਰੀ ਹੋਈ ਸੀ। ਇਸ ਸੰਬੰਧ ਵਿੱਚ ਥਾਣਾ ਮੁਖੀ ਸਿਟੀ ਵਰਿੰਦਰਪਾਲ ਸਿੰਘ ਉੱਪਲ ਨਾਲ ਗੱਲ ਕੀਤੀ ਗਈ ਤਾਂ ਉਹਨਾਂ ਦੱਸਿਆ ਕਿ ਪੁਲਿਸ ਵੱਲੋਂ ਇਸ ਚੋਰੀ ਦੀ ਘਟਨਾ ਦੇ ਸੰਬੰਧ ਵਿੱਚ ਮੁਕੱਦਮਾ ਦਰਜ ਕਰ ਲਿਆ ਗਿਆ ਹੈ ਅਤੇ ਚੋਰਾਂ ਦੀ ਭਾਲ ਲਈ ਛਾਪੇਮਾਰੀ ਜਾਰੀ ਹੈ।

ਲੋਕ ਬਾਣੀ

# ਕਾਉਂਕੇ ਕਲਾਂ ਦੇ ਸਰਕਾਰੀ ਕੰਨਿਆਂ ਹਾਈ ਸਕੂਲ ਨੇ ਜਿੱਤਿਆ ਸਰਵ-ਉਤਮ ਸਕੂਲ ਦਾ ਐਵਾਰਡ

ਜਗਰਾਉਂ,(ਲੋਕ ਬਾਣੀ )- ਪੰਜਾਬ ਸਕੂਲ ਸਿੱਖਿਆ ਵਿਭਾਗ ਵੱਲੋਂ ਪੰਜਾਬ ਭਰ ਵਿੱਚੋਂ ਚੁਣੇ ਗਏ 161 ਸਕੂਲਾਂ ਵਿੱਚੋਂ ਸਰਕਾਰੀ ਕੰਨਿਆਂ ਹਾਈ ਸਕੂਲ ਪੱਤੀ ਸ਼ਾਮ ਸਿੰਘ ਕਾਉਂਕੇ ਕਲਾਂ ਨੇ ਜ਼ਿਲ੍ਹਾ ਲੁਧਿਆਣਾ ਦੇ 16 ਬਲਾਕਾਂ ਦੇ 533 ਸਕੂਲਾਂ ਵਿੱਚੋਂ ਅਤੇ ਬਲਾਕ ਜਗਰਾਉਂ ਬਲਾਕ ਦੇ ਸਾਰੇ ਸਕੂਲਾਂ ਵਿੱਚੋਂ ਪਹਿਲੇ ਨੰਬਰ ਉਪਰ ਰਹਿਕੇ ਸਰਵ-ਉਤਮ ਸਕੂਲ ਦਾ ਐਵਾਰਡ ਜਿੱਤ ਲਿਆ ਹੈ ਅਤੇ ਪੰਜਾਬ ਸਰਕਾਰ ਪਾਸੋਂ 7.50 ਲੱਖ ਰੁਪਏ ਦਾ ਨਕਦ ਇਨਾਮ ਪ੍ਰਾਪਤ ਕੀਤਾ ਹੈ। ਇਹ ਐਵਾਰਡ ਸਕੂਲ ਦੇ ਮੁੱਖ ਅਧਿਆਪਕਾ ਸ੍ਰੀਮਤੀ ਪੂਜਾ ਵਰਮਾਂ ਵੱਲੋਂ ਪੰਜਾਬ ਸਕੂਲ ਸਿੱਖਿਆ ਵਿਭਾਗ ਵੱਲੋਂ ਚੰਡੀਗੜ੍ਹ ਦੇ ਸੈਕਟਰ 36 ਦੇ ਮਿਊਂਸਿਪਲ ਭਵਨ ਵਿਖੇ ਪੁਰਸਕਾਰ ਵੰਡ ਸਮਾਰੋਹ ਦੌਰਾਨ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਕੋਲੋਂ ਪ੍ਰਾਪਤ ਕੀਤਾ। ਇਸ ਮੌਕੇ ਸਕੂਲ ਸਿੱਖਿਆ ਵਿਭਾਗ ਦੇ ਸਕੱਤਰ ਅਨਿੰਦਿਤਾ ਮਿਤਰਾ, ਵਿਸ਼ੇਸ਼ ਸਕੱਤਰ ਰਾਜੇਸ਼ ਧੀਮਾਨ, ਪੰਜਾਬ ਵਿਕਾਸ ਕਮਿਸ਼ਨ ਦੇ ਮੈਂਬਰ ਅਨੁਰਾਜ ਕੁੰਡੂ, ਸੈਕੰਡਰੀ ਸਕੂਲ ਸਿੱਖਿਆ ਡਾਇਰੈਕਟਰ ਪਰਮਜੀਤ ਸਿੰਘ ਵੀ ਮੌਜੂਦ ਸਨ। ਐਵਾਰਡ ਜਿੱਤਣ ਦੀ ਖੁਸ਼ੀ ਵਿੱਚ ਖੀਵੇ ਹੋਏ ਮੁੱਖ ਅਧਿਆਪਕਾ ਪੂਜਾ ਵਰਮਾਂ ਨੇ ਦੱਸਿਆ ਕਿ ਕਾਉਂਕੇ ਕਲਾਂ ਦਾ ਇਹ ਸਕੂਲ ਪਹਿਲਾਂ ਨੈਸ਼ਨਲ ਗਰੀਨ ਸਕੂਲ ਐਵਾਰਡ ਵੀ ਜਿੱਤ ਚੁੱਕਿਆ ਹੈ ਅਤੇ ਹੁਣ ਪੰਜਾਬ ਭਰ ਦੇ ਮੋਹਰੀ ਸਕੂਲਾਂ ਵਿੱਚ ਸਰਬੋਤਮ ਰਹਿਕੇ ਸਰਵ-ਉਤਮ ਸਕੂਲ ਐਵਾਰਡ ਜਿੱਤਕੇ ਬਹੁਤ ਵੱਡਾ ਮਾਣ ਪ੍ਰਾਪਤ ਕੀਤਾ ਹੈ। ਉਹਨਾਂ ਹਲਕਾ ਜਗਰਾਉਂ ਦੇ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ, ਸਮੂਹ ਨਗਰ ਨਿਵਾਸੀਆਂ, ਗਰਾਮ ਪੰਚਾਇਤ ਕਾਉਂਕੇ ਕਲਾਂ, ਜਰਨੈਲ ਸ਼ਾਮ ਸਿੰਘ ਅਟਾਰੀ ਟਰੱਸਟ, ਵਿਕਾਸ ਕਲੱਬ, ਐਨ.ਆਰ.ਆਈ.ਪਰਿਵਾਰ, ਜ਼ਿਲ੍ਹਾ ਸਿੱਖਿਆ ਅਫ਼ਸਰ ਡਿੰਪਲ ਮਦਾਨ, ਬਲਾਕ ਨੋਡਲ ਅਫ਼ਸਰ ਪ੍ਰਿੰ:ਗੁਰਵਿੰਦਰਜੀਤ ਸਿੰਘ ਆਦਿ ਵੱਲੋਂ ਦਿੱਤੇ ਗਏ ਨਿੱਘੇ ਸਹਿਯੋਗ ਤੇ ਧੰਨਵਾਦ ਕਰਦਿਆਂ ਆਖਿਆ ਕਿ ਸਕੂਲ ਦੇ ਸਟਾਫ਼ ਦੀ ਦ੍ਰਿੜ ਲਗਨ ਅਤੇ ਅਣਥੱਕ ਮਿਹਨਤ ਸਦਕਾ ਸਰਕਾਰੀ ਕੰਨਿਆਂ ਹਾਈ ਸਕੂਲ ਕਾਉਂਕੇ ਕਲਾਂ ਨੇ ਇਹ ਪ੍ਰਾਪਤੀ ਕੀਤੀ ਹੈ। ਉਹਨਾਂ ਕਿਹਾ ਕਿ ਉਹਨਾਂ ਨੂੰ ਆਪਣੇ ਸਟਾਫ਼ ਉਪਰ ਬਹੁਤ ਮਾਣ ਹੈ ਅਤੇ ਇਸੇ ਤਰਾਂ ਹੀ ਉਹ ਆਪਣੇ ਸਕੂਲ ਨੂੰ ਹੋਰ ਬੁਲੰਦੀਆਂ ਉਪਰ ਲਿਜਾਣ ਲਈ ਹਮੇਸ਼ਾ ਯਤਨਸ਼ੀਲ ਰਹਿਣਗੇ। ਇਸ ਮਾਣਮੱਤੀ ਪ੍ਰਾਪਤੀ ਤੇ ਹਲਕਾ ਜਗਰਾਉਂ ਦੇ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਨੇ ਸਕੂਲ ਦੇ ਮੁੱਖ ਅਧਿਆਪਕਾ ਪੂਜਾ ਵਰਮਾਂ ਤੇ ਸਮੂਹ ਸਟਾਫ਼ ਨੂੰ ਵਧਾਈ ਦਿੰਦੇ ਹੋਏ ਆਖਿਆ ਕਿ ਸਰਕਾਰੀ ਕੰਨਿਆਂ ਹਾਈ ਸਕੂਲ ਪੱਤੀ ਸ਼ਾਮ ਸਿੰਘ ਕਾਉਂਕੇ ਕਲਾਂ ਨੇ ਸਰਵ-ਉਤਮ ਸਕੂਲ ਦਾ ਐਵਾਰਡ ਜਿੱਤ ਕੇ ਜਿੱਥੇ ਸਕੂਲ ਦੇ ਅਧਿਆਪਕਾਂ ਨੇ ਆਪਣੀ ਕਾਬਲੀਅਤ ਦਾ ਲੋਹਾ ਮਨਵਾਇਆ ਹੈ, ਉਥੇ ਹੀ ਹਲਕਾ ਜਗਰਾਉਂ ਦਾ ਨਾਮ ਵੀ ਪੰਜਾਬ ਭਰ ਵਿੱਚ ਰੌਸ਼ਨ ਕੀਤਾ ਹੈ। ਉਹਨਾਂ ਆਖਿਆ ਕਿ ਅਧਿਆਪਕ ਸਮਾਜ ਦਾ ਬਹੁਤ ਹੀ ਮਹੱਤਵਪੂਰਨ ਹਿੱਸਾ ਹੁੰਦੇ ਹਨ ਅਤੇ ਚੰਗੇ ਅਧਿਆਪਕ ਵਿਦਿਆਰਥੀਆਂ ਦਾ ਭਵਿੱਖ ਬਨਾਉਣ ਲਈ ਮਾਰਗ ਦਰਸ਼ਨ ਕਰਨ ਦੇ ਨਾਲ-ਨਾਲ ਆਪਣੇ ਸਕੂਲ ਨੂੰ ਵੀ ਬੁਲੰਦੀਆਂ ਉਪਰ ਪਹੁੰਚਾ ਦਿੰਦੇ ਹਨ। ਬੀਬੀ ਮਾਣੂੰਕੇ ਨੇ ਆਖਿਆ ਕਿ ਕਾਉਂਕੇ ਕਲਾਂ ਸਕੂਲ ਦੀ ਚੋਣ ਵਿਦਿਆਰਥੀਆਂ ਦੀ ਕਾਰਗੁਜ਼ਾਰੀ, ਹਾਜ਼ਰੀ, ਕਮਿਊਨਿਟੀ ਭਾਗੀਦਾਰੀ ਅਤੇ ਸਕੂਲਾਂ ਦੇ ਬੁਨਿਆਦੀ ਢਾਂਚੇ ਅਨੁਸਾਰ ਨਿਰੋਲ ਮੈਰਿਟ ਦੇ ਅਧਾਰ ਤੇ ਹੋਈ ਹੈ। ਉਹਨਾਂ ਆਖਿਆ ਕਿ ਪੰਜਾਬ ਸਰਕਾਰ ਆਗਾਮੀ ਸੈਸ਼ਨ ਤੋਂ ਸੂਬਾ ਪੱਧਰੀ ਸਰਬੋਤਮ ਸਕੂਲ ਪੁਰਸਕਾਰ ਸ਼ੁਰੂ ਕਰਨ ਜਾ ਰਹੀ ਹੈ। ਬੀਬੀ ਮਾਣੂੰਕੇ ਨੇ ਹਲਕੇ ਦੇ ਸਕੂਲ ਮੁਖੀਆਂ ਨੂੰ ਅਪੀਲ ਕਰਦਿਆਂ ਆਖਿਆ ਕਿ ਰੋਲ ਮਾਡਲ ਬਣੇ ਕੰਨਿਆਂ ਸਕੂਲ ਕਾਉਂਕੇ ਕਲਾਂ ਤੋਂ ਪ੍ਰੇਰਣਾ ਲੈ ਕੇ ਆਪਣੇ ਸਕੂਲਾਂ ਨੂੰ ਵੀ ਮੋਹਰੀ ਸਕੂਲਾਂ ਦੀ ਸੂਚੀ ਵਿੱਚ ਸ਼ਾਮਲ ਕਰਨ ਲਈ ਯਤਨਸ਼ੀਲ ਹੋਣ। ਇਸ ਮੌਕੇ ਵਿਧਾਇਕਾ ਮਾਣੂੰਕੇ ਸਮੂਹ ਅਧਿਆਪਕਾਂ, ਵਿਦਿਆਰਥੀਆਂ ਤੇ ਉਹਨਾਂ ਦੇ ਮਾਪਿਆਂ ਅਤੇ ਸਮੂਹ ਕਾਉਂਕੇ ਕਲਾਂ ਨਿਵਾਸੀਆਂ ਨੂੰ ਇਸ ਵੱਡੀ ਪ੍ਰਾਪਤੀ ਉਪਰ ਸ਼ੁੱਭ ਕਾਮਨਾਵਾਂ ਭੇਂਟ ਕੀਤੀਆਂ। ਇਸ ਮੌਕੇ ਸਕੂਲ ਦੇ ਸਟਾਫ਼ ਗੀਤਾ ਰਾਣੀ, ਹਰਪ੍ਰੀਤ ਕੌਰ ਚੀਮਾਂ, ਜਸਪ੍ਰੀਤ ਕੌਰ, ਅਮਨਦੀਪ ਕੌਰ, ਕੋਮਲ ਅਰੋੜਾ, ਰਣਬੀਰ ਕੌਰ, ਰਾਧਾ ਰਾਣੀ, ਸ਼ਬਨਮ ਰਤਨ, ਗੁਰਿੰਦਰ ਕੌਰ, ਚਰਨਜੀਤ ਕੌਰ, ਕੁਲਦੀਪ ਸਿੰਘ, ਪ੍ਰਿਤਪਾਲ ਸਿੰਘ ਕਿੱਟੂ ਮੱਲ੍ਹਾ, ਇਕਬਾਲ ਸਿੰਘ, ਕੁਲਦੀਪ ਸਿੰਘ ਢੋਲਣ, ਗੌਰਵ ਗੁਪਤਾ, ਸਵਰਨ ਸਿੰਘ ਆਦਿ ਵੱਲੋਂ ਵੀ ਖੁਸ਼ੀ ਦਾ ਇਜ਼ਹਾਰ ਕੀਤਾ ਗਿਆ।




SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
Ambulance Service 24hrs.
FACILITIES AVAILABLE
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ 82880 21797 82880 21798
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫਤਰ ਦੇ ਨੇੜੇ
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018 WWW.JSDCGROUP.COM
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements In Session 2022-23 | 18+ MOUs with Industries | upto 100% Scholarship Schemes*
Offering 20+ Programmes: Management | Commerce | Information Technology | Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS SINCE 1958
EDUCATIONAL 64 YEARS EXCELLENCE
MORE THAN • 56 Colleges & Schools • 200 Merit Positions • 125 Companies For Placements • 75 Academic Courses • 2000 Placements In 2022 - 2023 • 42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.*• Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB • PG DIPLOMA IN CYBER LAW
TEACHER / PHYSICAL EDUCATION
• BPES • B.Ed.• D.El.Ed.• B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
/stsoldiergroup www.stsoldiergroup.com
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565